ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ



# ਸੇਵਾ ਸਰਗਰਮੀਆਂ

ਲੜੀ ਨੰਬਰ 4, ਜੂਨ 2018 (ਹਾੜ, ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਦਿਲਜੀਤ ਸਿੰਘ ਬੇਦੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ- 01832553956-60 । ਈਮੇਲ- sgpcsargarmiya@gmail.com

## ਸੰਗਤਾਂ ਵਿਚ ਚੰਗਾ ਅਸਰ ਵਿਖਾ ਰਹੇ ਹਨ ਧਰਮ ਪ੍ਰਚਾਰ ਲਹਿਰ ਦੇ ਸਮਾਗਮ

ਸਿੱਖ ਕੌਮ ਵੱਲੋਂ ਹਜ਼ਾਰਾਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿਚ ਆਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀ ਹੋਂਦ ਤੋਂ ਹੀ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਦੇ ਨਾਲ-ਨਾਲ ਧਰਮ ਪ੍ਰਚਾਰ ਲਈ ਕਾਰਜ਼ ਕਰਦੀ ਆ ਰਹੀ ਹੈ। ਸਮੇਂ-ਸਮੇਂ ਤੇ ਇਸ ਸੰਸਥਾ ਵੱਲੋਂ ਕਈ ਪ੍ਰੋਗਰਾਮ ਉਲੀਕੇ ਜਾਂਦੇ ਹਨ। ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਨਣ ਤੇ ਉਨ੍ਹਾਂ ਨੇ ਧਰਮ ਪ੍ਰਚਾਰ ਦੇ ਕਾਰਜ਼ਾਂ ਨੂੰ ਤਰਜੀਹੀ ਤੌਰ 'ਤੇ ਅਪਣਾਇਆ ਹੈ। ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਵਿਸ਼ੇਸ਼ ਤੌਰ 'ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆ ਰਹੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਗਈ ਇਸ ਲਹਿਰ ਵਿਚ ਜਿਥੇ ਰਵਾਇਤੀ ਤਰੀਕੇ ਨਾਲ ਗੁਰਮਤਿ ਸਮਾਗਮਾਂ ਦਾ ਪ੍ਰੋਗਰਾਮ ਉਲੀਕਿਆ ਗਿਆ ਉਥੇ ਨੌਜਵਾਨਾਂ ਤੱਕ ਪਹੁੰਚ ਕਰਨ ਲਈ ਨਵੇਂ ਢੰਗ ਤਰੀਕੇ ਅਪਣਾਏ ਗਏ। ਸ਼੍ਰੋਮਣੀ ਕਮੇਟੀ ਪ੍ਰਧਾਨ ਦੀ ਪ੍ਰੇਰਨਾ ਨਾਲ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਸਾਹਿਬਾਨ ਨੇ ਨੌਜਵਾਨਾਂ ਨਾਲ ਰਾਬਤਾ ਬਣਾਉਣ ਲਈ ਪਿੰਡਾਂ ਦੀਆਂ ਸੱਥਾਂ, ਖੇਡ ਕਲੱਬਾਂ ਅਤੇ ਗਰਾਊਂਡਾਂ ਵਿਚ ਪਹੁੰਚ ਕੇ ਨੌਜਵਾਨਾਂ ਨੂੰ ਸਿੱਖੀ ਵਿਰਸੇ ਨਾਲ ਜੁੜਣ ਦੀ ਪ੍ਰੇਰਨਾ ਆਰੰਭੀ ਹੋਈ ਹੈ। ਇਸ ਦੇ ਨਾਲ ਹੀ ਸਕੂਲਾਂ ਕਾਲਜਾਂ ਵਿਚ ਪੜ੍ਹ ਰਹੇ ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਣ ਲਈ ਸਕੂਲਾਂ ਕਾਲਜਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਅਪਨਾਈ ਜਾ ਰਹੀ ਇਸ ਪਹੁੰਚ ਦੀ ਚੁਫੇਰਿਉਂ ਪ੍ਰਸੰਸਾ ਵੀ ਹੋਈ ਹੈ।

ਧਰਮ ਪ੍ਰਚਾਰ ਦੇ ਮੁੱਖ ਕੇਂਦਰ ਗੁਰਦੁਆਰਾ ਸਾਹਿਬਾਨ ਅਤੇ ਵਿਦਿਆ ਕੇਂਦਰ ਹਨ। ਗੁਰਦੁਆਰਾ ਸਾਹਿਬ ਦਾ ਗ੍ਰੰਥੀ ਸਿੰਘ ਧਰਮ ਪ੍ਰਚਾਰ ਦੇ ਕਾਰਜ਼ ਨੂੰ ਨਿਰੰਤਰ ਜ਼ਾਰੀ ਰੱਖ ਸਕਦਾ ਹੈ, ਇਸ ਲਈ ਗ੍ਰੰਥੀ ਦਾ ਗੁਰਮਤਿ ਸਿਧਾਂਤ ਵਿਚ ਪ੍ਰਪੱਕ ਹੋਣਾ ਅਤੀ ਜਰੂਰੀ ਹੈ। ਅੱਜ ਪਿੰਡਾਂ ਅੰਦਰ ਬਹੁਤੇ ਗ੍ਰੰਥੀ ਇਸ ਗੱਲੋਂ ਅਧੂਰੇ ਹਨ। ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਦੂਰਦਰਸ਼ੀ ਸੋਚ ਅਨੁਸਾਰ ਧਰਮ ਪ੍ਰਚਾਰ ਕਮੇਟੀ ਨੇ ਇਸ ਖੇਤਰ ਵਿਚ ਕਦਮ ਪੁੱਟਿਆ। ਸ਼੍ਰੋਮਣੀ ਕਮੇਟੀ ਵੱਲੋਂ ਪਿੰਡਾਂ ਦੇ ਗ੍ਰੰਥੀ ਤੇ ਅਖੰਡ ਪਾਠੀ ਸਿੰਘਾਂ ਨੂੰ ਗੁਰਬਾਣੀ ਸੰਥਿਆ ਅਤੇ ਸਿੱਖੀ ਸਿਧਾਂਤਾਂ ਦੀ ਜਾਣਕਾਰੀ ਦੇਣ ਲਈ ਜ਼ਿਲ੍ਹਾਵਾਰ ਗੁਰਮਤਿ ਸਿਖਲਾਈ ਕੈਂਪ ਆਰੰਭ ਕੀਤੇ ਗਏ। ਇਸ ਦੀ ਸ਼ੁਰੂਆਤ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਧਰਤੀ ਤੋਂ ਕੀਤੀ। ਇਸੇ ਤਰ੍ਹਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਸ਼ਹੀਦਾਂ ਦੀ ਧਰਤੀ ਸ੍ਰੀ ਮੁਕਤਸਰ ਸਾਹਿਬ ਵਿਖੇ ਵੀ ਇਨ੍ਹਾਂ ਕੈਂਪਾਂ ਦੀ ਸ਼ੁਰੂਆਤ ਕੀਤੀ ਗਈ। ਇਕ ਮਹੀਨੇ ਦੇ ਇਸ ਕੈਂਪ ਵਿਚ ਨੇੜਲੇ ਪਿੰਡਾਂ ਦੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਪ੍ਰੇਰਨਾ ਕਰਕੇ ਸਮੂਲੀਅਤ ਕਰਵਾਈ ਗਈ। ਸ਼੍ਰੋਮਣੀ ਕਮੇਟੀ ਵੱਲੋਂ ਸ਼ੁੱਧ ਗੁਰਬਾਣੀ ਉਚਾਰਣ, ਗੁਰਬਾਣੀ ਵਿਆਕਰਣ ਅਤੇ ਗੁਰਬਾਣੀ ਵਿਆਖਿਆ ਵਿਚ ਮਾਹਿਰ ਵਿਦਵਾਨਾਂ ਦੀਆਂ ਉਚੇਚੇ ਤੌਰ 'ਤੇ ਸੇਵਾਵਾਂ ਲਈਆਂ ਗਈਆਂ। ਇਸਦੇ ਨਾਲ ਤਖ਼ਤ ਸਾਹਿਬਾਨ ਦੇ ਮੌਜੂਦਾ ਅਤੇ ਸਾਬਕਾ ਜਥੇਦਾਰਾਂ ਵੱਲੋਂ ਵੀ ਸਮੇਂ-ਸਮੇਂ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਦੇ ਰੂਬਰੂ ਹੋ ਕੇ ਸੰਥਿਆ ਪ੍ਰਾਪਤ ਕਰਨ ਵਾਲੇ ਜਗਿਆਸੂਆਂ ਦੇ ਸ਼ੰਕੇ ਨਵਿਰਤ ਕਰਨ ਲਈ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ। ਧਰਮ ਪ੍ਰਚਾਰ ਕਮੇਟੀ ਵੱਲੋਂ ਪਾਠ-ਬੋਧ ਸਮਾਗਮ ਵਿਚ ਭਾਗ ਲੈਣ ਵਾਲੇ ਹਰੇਕ ਸਿੰਘ ਨੂੰ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਦੇ ਨਾਲ 5100 ਰੁਪਏ ਸਤਿਕਾਰ ਵੱਜੋਂ ਭੇਟ ਕੀਤੇ ਗਏ ਹਨ। ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਗ੍ਰੰਥੀ ਸਿੰਘਾਂ, ਅਖੰਡਪਾਠੀ ਸਿੰਘਾਂ ਤੇ ਜਗਿਆਸੂ ਸੰਗਤਾਂ ਰਾਹੀਂ ਧਰਮ ਪ੍ਰਚਾਰ ਦੇ ਕਾਰਜ਼ਾਂ ਨੂੰ ਨਿਰੰਤਰ ਜਾਰੀ ਰੱਖਣ ਲਈ ਸਹਾਈ ਸਿੱਧ ਹੋਵੇਗਾ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਾਹਿਬ ਵੱਲੋਂ ਪਿੰਡਾਂ ਵਿਚ ਜਾਤ-ਬਰਾਦਰੀ ਅਤੇ ਧੜੇਬੰਦੀ ਕਾਰਨ ਬਣ ਰਹੇ ਗੁਰਦੁਆਰਾ ਸਾਹਿਬਾਨ ਪ੍ਰਤੀ ਚਿੰਤਾ ਜਿਤਾਉਂਦਿਆਂ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸਿਧਾਂਤਾਂ ਅਨੁਸਾਰ 'ਇਕ ਪਿੰਡ ਇਕ ਗੁਰਦੁਆਰਾ' ਮੁਹਿੰਮ ਅਰੰਭਣ ਦਾ ਫੈਸਲਾ ਕੀਤਾ ਸੀ। ਇਸ ਕਾਰਜ਼ ਦੀ ਅਰੰਭਤਾ ਪਿੰਡ ਚੱਕਰ ਤੋਂ ਕੀਤੀ ਗਈ ਸੀ। ਸ਼੍ਰੋਮਣੀ ਕਮੇਟੀ ਵੱਲੋਂ ਅਰੰਭੀ ਇਸ ਮੁਹਿੰਮ ਨੂੰ ਭਾਰੀ ਬਲ ਮਿਲਿਆ ਪ੍ਰਧਾਨ ਸਾਹਿਬ ਦੀ ਪ੍ਰੇਰਨਾ ਨਾਲ ਹੁਣ ਤੱਕ ਦਰਜਨ ਦੇ ਕਰੀਬ ਪਿੰਡਾਂ ਨੇ ਪਿੰਡ ਵਿਚ ਇਕ ਗੁਰਦੁਆਰਾ ਸਾਹਿਬ ਕਰਨ ਦਾ ਫੈਸਲਾ ਕੀਤਾ ਹੈ। ਇਸ ਕਾਰਜ਼ ਵਿਚ ਸ਼ਾਮਲ ਹੋਣ ਵਾਲੇ ਪਿੰਡਾਂ ਦੀਆਂ ਪੰਚਾਇਤਾਂ, ਕਮੇਟੀਆਂ ਤੇ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਆਪ ਜਾ ਕੇ ਸਨਮਾਨਤ ਕਰ ਰਹੇ ਹਨ। ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਪਿੰਡਾਂ ਵਿਚ ਜਾਤਾਂ-ਪਾਤਾਂ ਅਤੇ ਧੜੇਬੰਦੀ ਨੂੰ ਖ਼ਤਮ ਕਰਨ ਲਈ ਸਹਾਈ ਸਿੱਧ ਹੋਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਦੇ ਨਾਲ-ਨਾਲ ਲੋੜਵੰਦ ਗਰੀਬ ਸਿੱਖਾਂ ਲਈ ਫ੍ਰੀ ਮੈਡੀਕਲ ਸਹੂਲਤਾਂ ਦੇਣ ਖ਼ਾਤਰ ਮੁਬਾਇਲ ਮੈਡੀਕਲ ਵੈਨਾਂ ਚਲਾਉਣ ਦਾ ਵੀ ਕਾਰਜ਼ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿਚ ਲਏ ਇਸ ਫੈਸਲੇ ਅਨੁਸਾਰ ਇਹ ਮੈਡੀਕਲ ਵੈਨਾਂ ਸਰਹੱਦੀ ਲੋਕਾਂ ਦੀ ਨਿਰੰਤਰ ਸੇਵਾ ਕਰ ਰਹੀਆਂ ਹਨ। ਸ਼੍ਰੋਮਣੀ ਕਮੇਟੀ ਵੱਲੋਂ ਅਰੰਭੇ ਗਏ ਇਨ੍ਹਾਂ ਕਾਰਜ਼ਾਂ ਦੀ ਸਫਲਤਾ ਲਈ ਸੰਗਤਾਂ ਦੇ ਸਹਿਯੋਗ ਦੀ ਵੱਡੀ ਲੋੜ ਹੈ। ਇਸ ਲਈ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸਿਧਾਂਤ ਦੀ ਗੱਲ ਘਰ-ਘਰ ਪਹੁੰਚਾਉਣ ਲਈ ਆਓ ਇਨ੍ਹਾਂ ਸਮਾਗਮਾਂ ਵਿਚ ਭਾਗੀਦਾਰ ਬਣੀਏ!

**-ਦਿਲਜੀਤ ਸਿੰਘ ਬੇਦੀ**

## ਦਿੱਲੀ ਕਮੇਟੀ ਦੇ ਸਹਿਯੋਗ ਨਾਲ ਦਿੱਲੀ 'ਚ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰੇਗੀ ਸ਼੍ਰੋਮਣੀ ਕਮੇਟੀ



ਅੰਮ੍ਰਿਤਸਰ 29 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਦਿੱਲੀ ਵਿਚ ਸਥਿਤ ਸਿੱਖ ਮਿਸ਼ਨ ਦੀ ਇਮਾਰਤ ਦਾ ਨਵੀਨੀਕਰਨ ਕਰਨ ਉਪਰੰਤ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉਦਘਾਟਨ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖ ਮਿਸ਼ਨ ਦਿੱਲੀ ਰਾਹੀਂ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਲਈ ਵਧੀਆ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਜਲਦੀ ਹੀ ਇਥੇ ਗੁਰਮਤਿ ਸਾਹਿਤ ਕੇਂਦਰ ਵੀ ਖੋਲ੍ਹਿਆ ਜਾਵੇਗਾ। ਉਨ੍ਹਾਂ ਸਿੱਖ ਮਿਸ਼ਨ ਲਈ ਜਗ੍ਹਾ ਦੇਣ 'ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਅਤੇ ਜਨਰਲ ਸਕੱਤਰ ਸ. ਮਨਜਿੰਦਰ ਸਿੰਘ ਸਿਰਸਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਦੋਹਾਂ ਕਮੇਟੀਆਂ ਵੱਲੋਂ ਸੰਯੁਕਤ ਉਪਰਾਲੇ ਨਾਲ ਦਿੱਲੀ ਖੇਤਰ ਵਿਚ ਧਰਮ ਪ੍ਰਚਾਰ ਦੀ ਵਿਸ਼ਾਲ ਲਹਿਰ ਸਿਰਜੀ ਜਾਵੇਗੀ, ਜਿਸ

ਬਾਕੀ ਸਫ਼ਾ 2 'ਤੇ

## ਕਿਲ੍ਹਾ ਲੋਹਗੜ੍ਹ ਸਾਹਿਬ ਦਾ ਇਤਿਹਾਸ ਜਬਰ ਜ਼ੁਲਮ ਖ਼ਿਲਾਫ਼ ਲੜਨ ਦਾ ਪ੍ਰਤੀਕ ਤੇ ਪ੍ਰੇਰਨਾ ਸਰੋਤ -ਭਾਈ ਲੌਂਗੋਵਾਲ



ਲੋਹਗੜ੍ਹ ਸਾਹਿਬ (ਹਰਿਆਣਾ) 27 ਮਈ- ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਥਾਪਤ ਕੀਤੀ ਸਿੱਖ ਰਾਜ ਦੀ ਪਹਿਲੀ ਰਾਜਧਾਨੀ ਕਿਲ੍ਹਾ ਲੋਹਗੜ੍ਹ ਸਾਹਿਬ, ਯਮੁਨਾਨਗਰ (ਹਰਿਆਣਾ) ਦੇ ਸਥਾਪਨਾ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੋਹਗੜ੍ਹ ਸਾਹਿਬ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਦੇ ਹਰਿਆਣਾ ਨਾਲ ਸਬੰਧਤ ਮੈਂਬਰਾਂ ਦੇ ਯਤਨਾਂ ਨਾਲ ਹੋਏ ਇਸ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਸਮੇਤ ਵੱਡੀ ਗਿਣਤੀ ਵਿਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

### ਸਿੱਖ ਰਾਜ ਦੀ ਪਹਿਲੀ ਰਾਜਧਾਨੀ ਕਿਲ੍ਹਾ ਲੋਹਗੜ੍ਹ ਸਾਹਿਬ ਦੇ ਸਥਾਪਨਾ ਸਮਾਗਮ 'ਚ ਜੁੜਿਆ ਵਿਸ਼ਾਲ ਇਕੱਠ

ਇਸ ਮੌਕੇ ਸੰਗਤਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਥਾਪਤ ਕੀਤਾ ਪਹਿਲਾ ਖ਼ਾਲਸਾ ਰਾਜ ਗੁਰੂ ਸਾਹਿਬਾਨ ਦੇ ਮਨੁੱਖਤਾ ਨੂੰ ਸਰੀਰਕ ਤੇ ਆਤਮਿਕ ਗੁਲਾਮੀ ਤੋਂ ਮੁਕਤ ਕਰਵਾਉਣ ਲਈ ਦਿੱਤੇ ਪਰਉਪਕਾਰੀ ਸਿਧਾਂਤਾਂ ਦਾ ਹੀ ਅਮਲ ਸੀ ਅਤੇ ਖ਼ਾਲਸਾ ਰਾਜ ਦੀ ਪਹਿਲੀ ਰਾਜਧਾਨੀ ਲੋਹਗੜ੍ਹ ਸਾਹਿਬ ਅੱਜ ਵੀ ਸਾਨੂੰ ਜਬਰ ਜ਼ੁਲਮ ਤੇ ਬੇਇਨਸਾਫ਼ੀ ਦੇ ਖ਼ਿਲਾਫ਼ ਲੜਨ ਦੀ ਪ੍ਰੇਰਣਾ ਦਿੰਦੀ ਹੈ। ਉਨ੍ਹਾਂ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਖ਼ਾਲਸਾ ਰਾਜ ਦੀ ਰਾਜਧਾਨੀ ਕਿਲ੍ਹਾ ਲੋਹਗੜ੍ਹ ਸਾਹਿਬ ਦਾ ਸਥਾਪਨਾ ਦਿਵਸ ਵਿਸ਼ਾਲ ਪੱਧਰ ਉੱਤੇ ਮਨਾਇਆ ਜਾਇਆ ਕਰੇਗਾ। ਉਨ੍ਹਾਂ ਇਹ ਵੀ ਕਿਹਾ ਕਿ ਇਸ ਅਸਥਾਨ ਦੇ ਵਿਕਾਸ ਲਈ 10 ਏਕੜ ਜਗ੍ਹਾ ਵਿਚ ਗੁਰਦੁਆਰਾ ਸਾਹਿਬ ਦੇ ਨਿਰਮਾਣ ਦਾ ਕਾਰਜ ਚੱਲ ਰਿਹਾ ਹੈ ਅਤੇ ਜਲਦੀ ਹੀ ਚਾਰ ਦੀਵਾਰੀ ਦਾ ਕੰਮ ਵੀ ਸ਼ੁਰੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਲੋਹਗੜ੍ਹ ਸਾਹਿਬ ਦੇ ਵਿਕਾਸ ਵਿਚ ਕਿਸੇ ਕਿਸਮ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਜੇਕਰ ਲੋੜ ਪਈ ਤਾਂ ਹੋਰ ਜਗ੍ਹਾ ਵੀ ਖਰੀਦੀ ਜਾਵੇਗੀ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਜਿਥੇ ਸ਼੍ਰੋਮਣੀ ਕਮੇਟੀ ਵੱਲੋਂ ਖਾਲਸਾ ਰਾਜ ਦੀ ਪਹਿਲੀ ਰਾਜਧਾਨੀ ਦਾ ਸਥਾਪਨਾ ਦਿਵਸ ਮਨਾਉਣ ਦੇ ਕੀਤੇ ਗਏ ਉਪਰਾਲੇ ਦੀ ਸ਼ਲਾਘਾ ਕੀਤੀ, ਉਥੇ ਹੀ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦਾ ਰਾਜ ਆਪਣੇ ਆਪ ਵਿਚ ਇਕ ਮਿਸਾਲ ਸੀ, ਕਿਉਂਕਿ ਉਨ੍ਹਾਂ ਵੱਲੋਂ ਸਥਾਪਤ ਕੀਤੇ ਖ਼ਾਲਸਾ ਰਾਜ ਵਿਚ ਸਭ ਦਾ ਸਤਿਕਾਰ, ਭਾਈਚਾਰਕ ਸਾਂਝ ਅਤੇ ਆਪਸੀ ਮਿਲਵਰਤਣ ਕਾਇਮ ਸੀ। ਉਨ੍ਹਾਂ ਕਿਹਾ ਕਿ ਖ਼ਾਲਸਾ ਰਾਜ ਦੀ ਪਹਿਲੀ ਰਾਜਧਾਨੀ ਲੋਹਗੜ੍ਹ ਸਾਹਿਬ ਦਾ ਸਥਾਪਨਾ ਦਿਵਸ ਮਨਾਉਣ ਦਾ ਮਕਸਦ ਸਾਨੂੰ ਆਪਣੇ ਇਤਿਹਾਸ ਤੋਂ ਸੇਧ ਲੈ ਕੇ ਸਮਾਜ ਅੰਦਰ ਫੈਲੀਆਂ ਕੁਰੀਤੀਆਂ ਨੂੰ ਦੂਰ ਕਰਨ ਲਈ ਲਾਮਬੰਦ ਹੋਣ ਲਈ ਪ੍ਰੇਰਿਤ ਕਰਨਾ ਹੈ। ਸ. ਬਾਦਲ ਨੇ ਕਿਹਾ ਕਿ ਕੁਝ ਲੋਕ ਸਿੱਖ ਕੌਮ ਨੂੰ ਪਾੜਨ ਦੇ ਯਤਨ ਵਿਚ ਹਨ, ਜਿਨ੍ਹਾਂ ਤੋਂ ਸੁਚੇਤ ਰਹਿਣਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਹਮੇਸ਼ਾ ਸਿੱਖ ਮਸਲਿਆਂ ਦੀ ਪੈਰਵਾਈ ਲਈ ਮੋਹਰੀ ਰੋਲ ਅਦਾ ਕੀਤਾ ਜਾਂਦਾ ਰਿਹਾ ਹੈ ਅਤੇ ਜਦੋਂ ਵੀ ਦੇਸ਼-ਵਿਦੇਸ਼ ਵਿਚ ਸਿੱਖ ਨੂੰ ਕਿਸੇ ਕਿਸਮ ਦੀ ਮੁਸ਼ਕਲ ਬਣੀ ਤਾਂ ਇਨ੍ਹਾਂ ਸੰਸਥਾਵਾਂ ਨੇ ਅੱਗੇ ਹੋ ਕੇ ਲੜਾਈ ਲੜੀ। ਉਨ੍ਹਾਂ ਇਸ ਮੌਕੇ ਹਰਿਆਣੇ ਦੇ ਸਿੱਖਾਂ ਨੂੰ ਲਾਮਬੰਦ ਹੋਣ ਦੀ ਅਪੀਲ ਕੀਤੀ ਅਤੇ ਹਰਿਆਣਾ ਸੂਬੇ ਅੰਦਰ ਸਿੱਖਾਂ ਦੀ ਅਵਾਜ਼ ਨੂੰ ਬੁਲੰਦ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਅਜ਼ਾਦ ਚੋਣਾਂ ਲੜਨ ਦਾ ਐਲਾਨ ਕੀਤਾ।

ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦੇ ਸੀਨੀਅਰ ਆਗੂ ਅਤੇ ਸਾਂਸਦ ਸ. ਬਲਵਿੰਦਰ ਸਿੰਘ ਭੂੰਦੜ, ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਸਾਂਸਦ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸਾਬਕਾ ਮੰਤਰੀ ਪੰਜਾਬ ਸ. ਸਿਕੰਦਰ ਸਿੰਘ ਮਲੂਕਾ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ., ਜਨਰਲ ਸਕੱਤਰ ਸ. ਮਨਜਿੰਦਰ ਸਿੰਘ ਸਿਰਸਾ

ਬਾਕੀ ਸਫ਼ਾ 2 'ਤੇ

## ਪੰਥਕ ਏਕਤਾ ਲਈ ਪਾਰਟੀਬਾਜ਼ੀ ਤੇ ਧੜ੍ਹਿਆਂ ਦੀ ਰਾਜਨੀਤੀ ਛੱਡਣੀ ਪਵੇਗਾ-ਭਾਈ ਲੌਂਗੋਵਾਲ

### ਪੰਜ ਤੋਂ ਇੱਕ ਗੁਰਦੁਆਰਾ ਕਰਨ 'ਤੇ ਪਿੰਡ ਸਰਫਕੋਟ ਵਾਸੀਆਂ ਦਾ ਕੀਤਾ ਸਨਮਾਨ



ਫ਼ਤਹਿਗੜ੍ਹ ਚੂੜੀਆਂ, 24 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਇੱਕ ਪਿੰਡ ਇੱਕ ਗੁਰਦੁਆਰਾ ਸਾਹਿਬ ਮੁਹਿੰਮ ਨੇ ਆਪਣਾ ਅਸਰ ਵੱਡੀ ਪੱਧਰ 'ਤੇ ਪ੍ਰਗਟ ਕਰਨਾ ਆਰੰਭ ਕਰ ਦਿੱਤਾ ਹੈ। ਇਸ ਮੁਹਿੰਮ ਤੋਂ ਪ੍ਰੇਰਨਾ ਲੈ ਕੇ ਪੰਜ ਤੋਂ ਇੱਕ ਗੁਰਦੁਆਰਾ ਸਾਹਿਬ ਕਰਨ ਵਾਲੇ ਪਿੰਡ ਸਰਫਕੋਟ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਸਮਾਜਿਕ ਤੇ ਪੰਥਕ ਏਕਤਾ ਲਈ ਕੀਤੇ ਉਪਰਾਲੇ ਲਈ ਪਿੰਡ ਵਾਸੀਆਂ ਨੂੰ ਸਨਮਾਨਿਤ ਕੀਤਾ। ਇਸ ਸਬੰਧ ਵਿਚ ਹਲਕੇ ਦੇ ਨੌਜੁਆਨ ਆਗੂ ਸ. ਸੁਖਵਿੰਦਰ ਸਿੰਘ ਅਗਵਾਨ ਦੇ ਯਤਨਾਂ ਨਾਲ ਸਰਫਕੋਟ ਵਿਖੇ ਆਯੋਜਿਤ ਗੁਰਮਤਿ ਸਮਾਗਮ 'ਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਪੰਥਕ ਏਕਤਾ ਲਈ ਸੰਯੁਕਤ ਉਪਰਾਲੇ ਜ਼ਰੂਰੀ ਹਨ ਅਤੇ ਇਸ ਕਾਰਜ ਲਈ ਪਾਰਟੀਬਾਜ਼ੀ ਤੇ ਧੜਿਆਂ ਦੀ ਰਾਜਨੀਤੀ ਨੂੰ ਛੱਡਣਾ ਪਵੇਗਾ। ਉਨ੍ਹਾਂ ਕਿਹਾ ਕਿ ਇੱਕ ਪਿੰਡ ਇੱਕ ਗੁਰਦੁਆਰਾ ਸਾਹਿਬ ਮੁਹਿੰਮ ਪੰਥਕ ਤੇ ਸਮਾਜਿਕ ਏਕਤਾ ਦਾ ਆਧਾਰ ਬਣ ਸਕਦੀ ਹੈ ਅਤੇ ਇਸ ਤੋਂ ਇਲਾਵਾ ਇਹ ਮੁਹਿੰਮ ਵੱਖ-ਵੱਖ ਥਾਵਾਂ 'ਤੇ ਵਾਪਰ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਰੋਕਣ ਵਿਚ ਵੀ ਸਹਾਈ ਹੋਵੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਅੱਜ ਪੰਥ ਨੂੰ ਕਮਜ਼ੋਰ ਕਰਨ ਲਈ ਪੰਥ ਵਿਰੋਧੀਆਂ ਦਾ ਤਾਣ ਲੱਗਾ ਹੋਇਆ ਹੈ ਅਤੇ ਉਹ ਸਮੇਂ ਸਮੇਂ ਪੰਥ ਵਿਚ ਵੰਡੀਆਂ ਪਉਣ ਦੀਆਂ ਚਾਲਾਂ ਚੱਲਦੇ ਰਹਿੰਦੇ ਹਨ। ਸਿੱਖ ਸੰਸਥਾਵਾਂ, ਇਤਿਹਾਸ, ਮਰਯਾਦਾ ਅਤੇ ਪ੍ਰੰਪਰਾਵਾਂ ਨੂੰ ਚੁਣੌਤੀ ਦੇਣ ਵਾਲੇ ਲੋਕ ਸੋਚੀ ਸਮਝੀ ਮਨਸ਼ਾ ਤਹਿਤ ਲੱਗੇ ਹੋਏ ਹਨ। ਇਸ ਲਈ ਸਾਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਜੇਕਰ ਅਸੀਂ ਇੱਕਜੁੱਟ ਨਾ ਹੋਏ ਤਾਂ ਪੰਥ ਦੀਆਂ ਇਹ ਦੁਸ਼ਮਣ ਸ਼ਕਤੀਆਂ ਨੂੰ ਹੋਰ ਬਲ ਮਿਲੇਗਾ। ਉਨ੍ਹਾਂ ਪਿੰਡ ਸਰਫਕੋਟ ਵਾਸੀਆਂ ਵੱਲੋਂ ਪੰਜ ਤੋਂ ਇੱਕ ਗੁਰਦੁਆਰਾ ਕਰਨ ਦੇ ਉਪਰਾਲੇ ਨੂੰ ਪੰਥ ਲਈ ਪ੍ਰੇਰਨਾ ਸਰੋਤ ਅਤੇ ਮਿਸਾਲੀ ਦੱਸਿਆ। ਉਨ੍ਹਾਂ ਕਿਹਾ ਕਿ ਮਨੁੱਖੀ ਬਰਾਬਰਤਾ ਤੇ ਸਮਾਜਿਕ ਭਾਈਚਾਰੇ ਦੀ ਏਕਤਾ ਲਈ ਪਿੰਡਾਂ ਅੰਦਰ ਇੱਕ ਗੁਰਦੁਆਰਾ ਸਾਹਿਬ ਦੇ ਨਾਲ-ਨਾਲ ਸਾਨੂੰ ਸ਼ਮਸ਼ਾਨਘਾਟ ਵੀ ਇੱਕ ਹੀ ਰੱਖਣਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਿੰਡ ਦੇ ਗੁਰਦੁਆਰਾ ਸਾਹਿਬ ਲਈ ਦੀਵਾਨ ਹਾਲ ਤਿਆਰ ਕਰਨ ਵਾਸਤੇ ਧਰਮ ਪ੍ਰਚਾਰ ਕਮੇਟੀ ਵੱਲੋਂ

ਬਾਕੀ ਸਫ਼ਾ 2 'ਤੇ

### ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ਗੁਰਦੁਆਰਾ ਸਾਹਿਬ ਚੱਪੜਚਿੜੀ ਤੋਂ ਸ੍ਰੀ ਫ਼ਤਹਿਗੜ੍ਹ ਸਾਹਿਬ ਤਕ ਵਿਸ਼ਾਲ ਫ਼ਤਹਿ ਮਾਰਚ

## ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਗਈ ਸਰਹਿੰਦ ਫ਼ਤਹਿ ਦਾ ਇਤਿਹਾਸ ਲਾਸਾਨੀ ਤੇ ਪ੍ਰੇਰਣਾਮਈ-ਭਾਈ ਲੌਂਗੋਵਾਲ



ਚੱਪੜਚਿੜੀ 12 ਮਈ- ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਸਰਹਿੰਦ ਫ਼ਤਹਿ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਚੱਪੜਚਿੜੀ ਤੋਂ ਸ੍ਰੀ ਫਤਹਿਗੜ੍ਹ ਸਾਹਿਬ ਤੀਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਹੰਗ ਸਿੰਘ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਫ਼ਤਹਿ ਮਾਰਚ ਆਯੋਜਿਤ ਕੀਤਾ ਗਿਆ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਫ਼ਤਹਿ ਮਾਰਚ ਵਿੱਚ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ, ਬੈਂਡ ਤੇ ਗੱਤਕਾ ਪਾਰਟੀਆਂ ਨੇ ਖਾਲਸਾਈ ਜਾਹੋ-ਜਲਾਲ ਨਾਲ ਸ਼ਮੂਲੀਅਤ ਕੀਤੀ। ਨਿਹੰਗ ਸਿੰਘਾਂ ਵੱਲੋਂ ਘੋੜਿਆਂ ਤੇ ਹਾਥੀਆਂ ਨਾਲ ਫਤਹਿ ਮਾਰਚ ਵਿਚ ਬੰਨ੍ਹਿਆ ਖਾਲਸਾਈ ਰੰਗ ਸੰਗਤਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ। ਫਤਹਿ ਮਾਰਚ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸਜੇ ਧਾਰਮਿਕ ਦੀਵਾਨ ਵਿਚ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਤਰਲੋਕ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ, ਜਦਕਿ ਭਾਈ ਮਲਕੀਤ ਸਿੰਘ ਲੌਂਗੋਵਾਲ ਦੇ ਢਾਡੀ ਜਥੇ ਨੇ ਬਾਬਾ ਬੰਦਾ ਸਿੰਘ ਵੱਲੋਂ ਕੀਤੀ ਸਰਹਿੰਦ ਫਤਹਿ ਦਾ ਸ਼ਾਨਾਂਮੱਤੇ ਇਤਿਹਾਸ ਨਾਲ ਸੰਗਤ ਨੂੰ ਜੋੜਿਆ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਗਈ ਸਰਹਿੰਦ ਫ਼ਤਹਿ ਦਾ ਇਤਿਹਾਸ ਲਾਸਾਨੀ ਤੇ ਪ੍ਰੇਰਣਾਮਈ ਹੈ। ਉਨ੍ਹਾਂ ਅਖਿਆ ਕਿ ਜਾਲਮ ਮੁਗਲ ਹਕੂਮਤ ਨੂੰ ਤਬਾਹ ਕਰ ਕੇ ਖਾਲਸਾ ਰਾਜ ਸਥਾਪਿਤ ਕਰਨ ਵਾਲੇ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਨੇ ਜੁਲਮ ਦੇ ਸਤਾਏ ਹੋਏ ਲੋਕਾਂ ਦੇ ਹੱਕ ਵਿਚ ਆਵਾਜ਼ ਉਠਾਈ ਅਤੇ ਕਿਰਤੀਆਂ ਨੂੰ ਉਨ੍ਹਾਂ ਦੇ ਹੱਕ ਦਿਵਾਏ। ਭਾਈ ਲੌਂਗੋਵਾਲ ਨੇ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਡੇ ਕੌਮੀ ਨਾਇਕਾਂ ਦਾ ਇਤਿਹਾਸ ਹੀ ਸਾਡੀ ਸ਼ਖਸੀਅਤ ਨੂੰ ਨਿਖਾਰ ਸਕਦਾ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ 96 ਕਰੋੜੀ ਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਕਰਨੈਲ ਸਿੰਘ ਪੰਜੋਲੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸਿੱਖ ਨੌਜਵਾਨੀ ਨੂੰ ਆਪਣੇ ਵਿਰਸੇ ਨਾਲ ਜੁੜਨ ਲਈ ਪ੍ਰੇਰਤ ਕੀਤਾ। ਗੁਰਦੁਆਰਾ ਫ਼ਤਹਿ-ਏ-ਜੰਗ ਚੱਪੜਚਿੜੀ ਤੋਂ ਸ੍ਰੀ ਫਤਹਿਗੜ੍ਹ ਸਾਹਿਬ ਤੀਕ ਸਜਾਇਆ ਗਿਆ ਵਿਸ਼ਾਲ ਫ਼ਤਹਿ ਮਾਰਚ ਸਰਹਿੰਦ ਫ਼ਤਹਿ ਨਾਲ ਸਬੰਧਤ ਇਤਿਹਾਸਕ ਥੇਹ ਵਿਖੇ ਨਿਸ਼ਾਨ ਸਾਹਿਬ ਨੂੰ ਸਲਾਮੀ ਦੇ ਕੇ ਸੰਪੰਨ ਹੋਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਨਿਰਮੈਲ ਸਿੰਘ ਜੌਲਾਂ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਸਵਿੰਦਰ ਸਿੰਘ ਸਭਰਵਾਲ, ਸ. ਪਰਮਜੀਤ ਸਿੰਘ ਲੱਖੇਵਾਲ, ਸੀਨੀਅਰ ਅਕਾਲੀ ਆਗੂ ਸ੍ਰੀ ਐਨ.ਕੇ. ਸ਼ਰਮਾ, ਸ. ਰਣਜੀਤ ਸਿੰਘ ਗਿੱਲ, ਜਥੇਦਾਰ ਭਜਨ ਸਿੰਘ ਸ਼ੇਰਗਿੱਲ, ਸ. ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਸ. ਜਤਿੰਦਰਪਾਲ ਸਿੰਘ ਜੇ.ਪੀ., ਬਾਬਾ ਮਨਮੋਹਣ ਸਿੰਘ ਬਾਰਨ ਵਾਲੇ, ਬਾਬਾ ਗੱਜਣ ਸਿੰਘ, ਬਾਬਾ ਰਘਬੀਰ ਸਿੰਘ ਖਿਆਲਾ, ਸ. ਨਾਜਰ ਸਿੰਘ ਹਰੀਆਂ ਵੇਲਾਂ, ਬਾਬਾ ਮੇਜਰ ਸਿੰਘ ਲੁਧਿਆਣਾ, ਬਾਬਾ ਲਾਲ ਸਿੰਘ, ਬਾਬਾ ਤਰਸੇਮ ਸਿੰਘ ਮਹਿਤਾ, ਬਾਬਾ ਜੱਸਾ ਸਿੰਘ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਪਰਮਜੀਤ ਸਿੰਘ ਸਰੋਆ,ਮੀਤ ਸਕੱਤਰ ਸ. ਸਿਮਰਜੀਤ ਸਿੰਘ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਤੇਜਿੰਦਰਪਾਲ ਸਿੰਘ ਸੰਧੂ, ਸ. ਕੁਲਵਿੰਦਰ ਸਿੰਘ ਸੋਹੀ, ਸ. ਪ੍ਰਮਿੰਦਰ ਸਿੰਘ ਸੋਹਾਨਾ, ਸ. ਬਲਵਿੰਦਰ ਸਿੰਘ ਟੌਹੜਾ, ਸ. ਗੁਰਮੁਖ ਸਿੰਘ ਸੋਹਲ, ਬੀਬੀ ਹਰਮਿੰਦਰ ਕੌਰ, ਬੀਬੀ ਕੁਲਦੀਪ ਕੌਰ, ਭਾਈ ਗੁਰਧਿਆਨ ਸਿੰਘ, ਸ. ਅਰਜਨ ਸਿੰਘ ਸ਼ੇਰਗਿੱਲ, ਸ. ਹਰਦੀਪ ਸਿੰਘ, ਮੈਨੇਜਰ ਸ: ਨੱਥਾ ਸਿੰਘ ਤੇ ਸ. ਅਮਰਜੀਤ ਸਿੰਘ, ਸ. ਗੁਰਦੀਪ ਸਿੰਘ ਕੰਗ ਤੇ ਸੰਗਤਾਂ ਹਾਜ਼ਰ ਸਨ।

# ਮਾਮਲਾ ਬਿਆਸ ਦਰਿਆ 'ਚ ਛੱਡੇ ਜ਼ਹਿਰੀਲੇ ਪਾਣੀ ਦਾ ਸਰਕਾਰਾਂ ਦੇ ਅਵੇਸਲੇਪਨ ਕਾਰਨ ਜੀਵਨਧਾਰਾ ਖ਼ਤਰੇ ਵਿਚ -ਭਾਈ ਲੌਂਗੋਵਾਲ

ਅੰਮ੍ਰਿਤਸਰ, 22 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਫੈਕਟਰੀਆਂ ਰਾਹੀਂ ਦਰਿਆਈ ਪਾਣੀਆਂ ਵਿਚ ਘੋਲੇ ਜਾ ਰਹੇ ਜ਼ਹਿਰ ਨੂੰ ਮਨੁੱਖਤਾ ਅਤੇ ਜੀਵ-ਜੰਤੂਆਂ ਲਈ ਘਾਤਕ ਕਰਾਰ ਦਿੰਦਿਆਂ ਕਿਹਾ ਕਿ ਅਜਿਹਾ ਕਰਨ ਵਾਲੇ ਲੋਕਾਂ ਵਿਰੁੱਧ ਸਰਕਾਰ ਨੂੰ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ, ਤਾਂ ਜੋ ਪਾਣੀਆਂ ਦੇ ਪ੍ਰਦੂਸ਼ਣ ਕਾਰਨ ਹੋ ਰਹੇ ਨੁਕਸਾਨ ਤੋਂ ਮਨੁੱਖਤਾ ਅਤੇ ਜੀਵ-ਜੰਤੂਆਂ ਨੂੰ ਬਚਾਇਆ ਜਾ ਸਕੇ।

ਭਾਈ ਲੌਂਗੋਵਾਲ ਨੇ ਇਹ ਬਿਆਨ ਬੀਤੇ ਦਿਨੀਂ ਇਕ ਫੈਕਟਰੀ ਵੱਲੋਂ ਬਿਆਸ ਦਰਿਆ ਵਿਚ ਜ਼ਹਿਰੀਲਾ ਪਾਣੀ ਛੱਡਣ ਕਾਰਨ ਮਰੇ ਜੀਵ-ਜੰਤੂਆਂ ਦੇ ਸਬੰਧ ਵਿਚ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੀਵਨ ਲਈ ਸ਼ੁੱਧ ਹਵਾ, ਪਾਣੀ ਅਤੇ ਵਾਤਾਵਰਣ ਦੀ ਜ਼ਰੂਰਤ ਨੂੰ ਨਕਾਰਿਆ ਨਹੀਂ ਜਾ ਸਕਦਾ ਪ੍ਰੰਤੂ ਅੱਜ ਇਨ੍ਹਾਂ ਜੀਵਨ ਲਈ ਜ਼ਰੂਰੀ ਕੁਦਰਤੀਆਂ ਸੋਮਿਆਂ ਨੂੰ ਵੀ ਜਾਣ-ਬੁਝ ਕੇ ਜ਼ਹਿਰੀਲਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰਾਂ ਦੇ ਅਵੇਸਲੇਪਨ ਕਾਰਨ ਅੱਜ ਜੀਵਨਧਾਰਾ ਭਿਆਨਕ ਖ਼ਤਰੇ ਵਿਚ ਆ ਚੁੱਕੀ ਹੈ। ਪੰਜਾਬ ਦੇ ਪਾਣੀਆਂ 'ਚ ਜ਼ਹਿਰ, ਹਵਾ ਦੀ ਦੂਸ਼ਿਤਤਾ, ਮਿੱਟੀ ਵਿਚ ਜ਼ਹਿਰਾਂ ਦਾ ਵਧਣਾ ਅਤੇ ਸ਼ੋਰ ਪ੍ਰਦੂਸ਼ਣ ਜਿਹੇ ਚਲਣ ਨੂੰ ਪਤਾ ਨਹੀਂ ਕਿਉਂ ਨਹੀਂ ਰੋਕਿਆ ਜਾ ਰਿਹਾ, ਜਦਕਿ ਸਰਕਾਰਾਂ ਦੀ ਇਹ ਪਹਿਲ ਹੋਣੀ ਚਾਹੀਦੀ ਸੀ। ਉਨ੍ਹਾਂ ਕਿਹਾ ਕਿ ਪਾਣੀ ਜੀਵਨ ਲਈ ਸਭ ਤੋਂ ਅਹਿਮ ਹੈ ਪਰ ਦੁੱਖ ਦੀ ਗੱਲ ਹੈ ਕਿ ਇਸ ਦਾ ਗੰਧਲਾਪਨ ਜੀਵਨ ਨੂੰ ਤਬਾਹ ਕਰ ਰਿਹਾ ਹੈ ਅਤੇ ਇਸ ਨੂੰ ਦੂਸ਼ਿਤ ਕਰਨ ਵਾਲੇ ਲੋਕ ਕੇਵਲ ਆਪਣਾ ਨਿੱਜੀ ਫ਼ਾਇਦਾ ਹੀ ਦੇਖ ਰਹੇ ਹਨ। ਕੇਵਲ ਦਰਿਆਈ ਪਾਣੀ ਹੀ ਨਹੀਂ ਅਜਿਹੇ ਲੋਕਾਂ ਕਾਰਨ ਧਰਤ ਹੇਠਲਾ ਪਾਣੀ ਵੀ ਵਰਤੋਂ ਯੋਗ ਨਹੀਂ ਰਿਹਾ। ਉਨ੍ਹਾਂ ਵਪਾਰੀ ਲੋਕਾਂ ਦੀ ਪਿੱਠ 'ਤੇ ਖੜ੍ਹਨ ਵਾਲੀਆਂ ਸਰਕਾਰਾਂ ਨੂੰ ਸਵਾਲ ਕੀਤਾ ਕਿ ਜੇਕਰ ਸਰਕਾਰਾਂ ਹੀ ਲੋਕ ਮਸਲਿਆਂ ਦੀ ਪੈਰਵਾਈ ਨਹੀਂ ਕਰਨਗੀਆਂ ਤਾਂ ਹੋਰ ਕੌਣ ਕਰੇਗਾ।

ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਸਿਆਸਤ ਪਾਸੇ ਰੱਖ ਕੇ ਲੋਕਾਂ ਦੇ ਬਿਹਤਰ ਜੀਵਨ ਲਈ ਕਾਰਜ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਬਿਆਸ ਦਰਿਆ ਦੇ ਮਾਮਲੇ ਵਿਚ ਸਰਕਾਰ ਨੂੰ ਸੰਜੀਦਾ ਭੂਮਿਕਾ ਨਿਭਾਉਣੀ ਚਾਹੀਦੀ ਹੈ ਅਤੇ ਦਰਿਆ ਵਿਚ ਜ਼ਹਿਰੀਲਾ ਪਾਣੀ ਛੱਡਣ ਵਾਲੀ ਫੈਕਟਰੀ ਦੇ ਮਾਲਕਾਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

ਉਨ੍ਹਾਂ ਸਰਕਾਰ ਨੂੰ ਸੁਚੇਤ ਕਰਦਿਆਂ ਕਿਹਾ ਕਿ ਜੇਕਰ ਸਰਕਾਰੀ ਤੰਤਰ ਅਜੇ ਵੀ ਆਪਣੀ ਨੀਂਦ ਵਿਚੋਂ ਨਾ ਜਾਗਿਆ ਤਾਂ ਕੁਦਰਤ ਨਾਲ ਕੀਤੇ ਇਸ ਭਿਆਨਕ ਵਰਤਾਰੇ ਦੇ ਗੰਭੀਰ ਦੁੱਖਦਾਈ ਨਤੀਜਿਆਂ ਦੇ ਪ੍ਰਭਾਵ ਤੋਂ ਸਰਕਾਰ ਦੇ ਮੰਤਰੀ ਤੇ ਪਰਿਵਾਰ ਵੀ ਨਹੀਂ ਬਚ ਸਕਣਗੇ।



## ਸਫ਼ਾ 1 ਦਾ ਬਾਕੀ...



### ਕਿਲ੍ਹਾ ਲੋਹਗੜ੍ਹ ਸਾਹਿਬ...

ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਸ. ਸ਼ਰਨਜੀਤ ਸਿੰਘ ਸੋਥਾ ਪ੍ਰਧਾਨ ਹਰਿਆਣਾ ਰਾਜ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ ਅਤੇ ਆਪਣੇ ਸ਼ਾਨਾਮੱਤੇ ਇਤਿਹਾਸ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਨੇ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਸਮੇਤ ਹੋਰਾਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ ਤੇ ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ ਨੇ ਸਨਮਾਨਿਤ ਕੀਤਾ।

ਇਸ ਮੌਕੇ ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ, ਬਾਬਾ ਸੁੱਖਾ ਸਿੰਘ, ਜਥੇਦਾਰ ਹਰਭਜਨ ਸਿੰਘ ਮਸਾਣਾ, ਬੀਬੀ ਮਨਜੀਤ ਕੌਰ ਗਧੋਲਾ, ਸ. ਤੇਜਿੰਦਰਪਾਲ ਸਿੰਘ ਢਿੱਲੋਂ, ਬੀਬੀ ਕਰਤਾਰ ਕੌਰ ਕੋਰ ਕਮੇਟੀ ਮਹਿਲਾ ਵਿੰਗ, ਬਾਬਾ ਜੱਸਾ ਸਿੰਘ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਬਲਦੇਵ ਸਿੰਘ ਖ਼ਾਲਸਾ, ਸ. ਗੁਰਦੀਪ ਸਿੰਘ ਭਾਨੋਖੇੜੀ, ਸ. ਸੁਖਵੰਤ ਸਿੰਘ, ਸ. ਬਲਕਾਰ ਸਿੰਘ ਵੜੈਚ, ਸ. ਅਵਤਾਰ ਸਿੰਘ ਸੈਂਪਲਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਸਿਮਰਜੀਤ ਸਿੰਘ ਕੰਗ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਮੰਗਪ੍ਰੀਤ ਸਿੰਘ ਹਰਿਆਣਾ ਮਿਸ਼ਨ ਇੰਚਾਰਜ, ਸ. ਪਰਮਜੀਤ ਸਿੰਘ ਇੰਚਾਰਜ, ਬਾਬਾ ਰਾਜਿੰਦਰ ਸਿੰਘ, ਬਾਬਾ ਮੇਹਰ ਸਿੰਘ ਆਦਿ ਮੌਜੂਦ ਸਨ।

### ਇੱਕ ਗੁਰਦੁਆਰਾ ਸਾਹਿਬ...

ਸਹਾਇਤਾ ਦੇਣ ਦਾ ਐਲਾਨ ਵੀ ਕੀਤਾ।

ਇਸ ਮੌਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਗੁਰੂ ਸਾਹਿਬਾਨ ਨੇ ਸਮਾਜਿਕ ਵਖਰੇਵਿਆਂ ਵਿਰੁੱਧ ਜ਼ੋਰਦਾਰ ਆਵਾਜ਼ ਉਠਾ ਕੇ ਸਾਨੂੰ ਸਮਾਜਿਕ ਤੇ ਪੰਥਕ ਏਕਤਾ ਦੀ ਪ੍ਰੇਰਨਾ ਕੀਤੀ ਹੈ, ਇਸ ਲਈ ਸਾਡਾ ਫਰਜ ਹੈ ਕਿ ਗੁਰੂ ਸਾਹਿਬ ਦੇ ਉਪਦੇਸ਼ ਅਨੁਸਾਰ ਚੱਲੀਏ। ਉਨ੍ਹਾਂ ਕਿਹਾ ਕਿ ਜਾਤਾਂ ਪਾਤਾਂ ਦੇ ਨਾਂ ਤੇ ਗੁਰਦੁਆਰੇ ਬਣਾਉਣੇ ਠੀਕ ਨਹੀਂ ਹਨ ਅਤੇ ਅਜਿਹਾ ਚਲਣ ਖਤਮ ਕਰਨ ਲਈ ਸੰਗਤਾਂ ਨੂੰ ਇੱਕ ਪਿੰਡ ਇੱਕ ਗੁਰਦੁਆਰਾ ਸਾਹਿਬ ਮੁਹਿੰਮ ਦਾ ਹਿੱਸਾ ਬਣ ਕੇ ਬਹੁਤੇ ਗੁਰਦੁਆਰਿਆਂ ਨੂੰ ਇੱਕ ਵਿਚ ਤਬਦੀਲ ਕਰ ਲੈਣਾ ਚਾਹੀਦਾ ਹੈ। ਉਨ੍ਹਾਂ ਭਾਈ ਲੌਂਗੋਵਾਲ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਵੀ ਕੀਤੀ।

ਸਮਾਗਮ, ਦੌਰਾਨ ਸ. ਸੁਖਵਿੰਦਰ ਸਿੰਘ ਅਗਵਾਨ ਨੇ ਵੀ ਵਿਚਾਰ ਸਾਂਝੇ ਕੀਤੇ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਧੰਨਵਾਦ ਕੀਤਾ।

ਸਮਾਗਮ ਦੌਰਾਨ ਨਗਰ ਵੱਲੋਂ ਭਾਈ ਲੌਂਗੋਵਾਲ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਵੀ ਸਨਮਾਨ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਅਮਰੀਕ ਸਿੰਘ ਸ਼ਾਹਪੁਰ, ਮੈਂਬਰ ਸ. ਅਮਰੀਕ ਸਿੰਘ ਵਿਛੋਆ, ਬੀਬੀ ਜੋਗਿੰਦਰ ਕੌਰ ਧਰਮਕੋਟ, ਸ. ਗੁਰਨਾਮ ਸਿੰਘ ਜੱਸਲ, ਭਾਈ ਅਜਾਇਬ ਸਿੰਘ ਅਭਿਆਸੀ, ਨੌਜਵਾਨ ਆਗੂ ਸ. ਸੁਖਵਿੰਦਰ ਸਿੰਘ ਅਗਵਾਨ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਦਿਲਬਾਗ ਸਿੰਘ, ਸ. ਕਮਲਜੀਤ ਸਿੰਘ, ਸ. ਜਸਵੰਤ ਸਿੰਘ ਪ੍ਰਧਾਨ, ਸ. ਜਸਵਿੰਦਰ ਸਿੰਘ, ਸ. ਜਗੀਰ ਸਿੰਘ, ਸ. ਪੰਜਾਬ ਸਿੰਘ, ਗਿਆਨੀ ਮੁਖਤਾਰ ਸਿੰਘ, ਕੈਪਟਨ ਪਿਆਰਾ ਸਿੰਘ, ਸ. ਬਲਜੀਤ ਸਿੰਘ, ਸ. ਹਰਪਾਲ ਸਿੰਘ, ਸ. ਕੇਵਲ ਸਿੰਘ, ਸ. ਬਲਵਿੰਦਰ ਸਿੰਘ, ਸ. ਇੰਦਰਜੀਤ ਸਿੰਘ ਖੋਦੇਬੇਟ, ਸ. ਗੁਰਬਚਨ ਸਿੰਘ ਮਾਲੇਵਾਲ, ਸ. ਹਰਜੀਤ ਸਿੰਘ ਲਾਲੇਨੰਗਲ, ਪ੍ਰਚਾਰਕ ਗਿਆਨੀ ਜਸਵਿੰਦਰ ਸਿੰਘ ਸ਼ਹੂਰ, ਭਾਈ ਜਗਦੇਵ ਸਿੰਘ, ਭਾਈ ਸੁਰਜੀਤ ਸਿੰਘ ਤੇ ਸਰਬਜੀਤ ਸਿੰਘ ਢੋਟੀਆ ਆਦਿ ਮੌਜੂਦ ਸਨ।

### ਦਿੱਲੀ ਸਿੱਖ ਮਿਸ਼ਨ...

ਤਹਿਤ ਜਿਥੇ ਗੁਰੂ ਘਰਾਂ ਅੰਦਰ ਦੀਵਾਨ ਸਜਾਏ ਜਾਣਗੇ, ਉਥੇ ਹੀ ਨੌਜੁਆਨਾਂ ਅਤੇ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਵਿਸ਼ੇਸ਼ ਪ੍ਰੋਗਰਾਮ ਵੀ ਉਲੀਕੇ ਜਾਣਗੇ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਅਤੇ ਜਨਰਲ ਸਕੱਤਰ ਸ. ਮਨਜਿੰਦਰ ਸਿੰਘ ਸਿਰਸਾ ਨੇ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ ਦਿੱਲੀ ਕਮੇਟੀ ਦੇ ਤਾਲਮੇਲ ਨਾਲ ਧਰਮ ਪ੍ਰਚਾਰ ਕਾਰਜਾਂ ਨੂੰ ਨਵੇਂ ਅੰਜਾਮ ਦੇਣ ਦੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਸ਼੍ਰੋਮਣੀ ਕਮੇਟੀ ਨੂੰ ਧਰਮ ਪ੍ਰਚਾਰ ਕਾਰਜਾਂ ਲਈ ਹਰ ਤਰ੍ਹਾਂ ਦਾ ਸਹਿਯੋਗ ਕਰੇਗੀ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ. ਮਨਜੀਤ ਸਿੰਘ ਜੀ.ਕੇ., ਸ. ਮਨਜਿੰਦਰ ਸਿੰਘ ਸਿਰਸਾ ਸਮੇਤ ਹੋਰ ਅਹੁਦੇਦਾਰਾਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਸ. ਅਵਤਾਰ ਸਿੰਘ ਹਿੱਤ, ਸ. ਹਰਮੀਤ ਸਿੰਘ ਕਾਲਕਾ, ਸ. ਗੁਰਮਿੰਦਰ ਸਿੰਘ ਮਠਾਰੂ, ਸ. ਭੁਪਿੰਦਰ ਸਿੰਘ ਅਨੰਦ, ਡਾ. ਹਰਿੰਦਰਪਾਲ ਸਿੰਘ, ਸ. ਪਰਮਜੀਤ ਸਿੰਘ ਰਾਣਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਸੁਖਮਿੰਦਰ ਸਿੰਘ ਐਕਸੀਅਨ, ਸ. ਜਤਿੰਦਰਪਾਲ ਸਿੰਘ ਐਸ.ਡੀ.ਓ., ਸ. ਅਮਰਜੀਤ ਸਿੰਘ ਪੱਪੂ, ਸ. ਸੁਰਿੰਦਰਪਾਲ ਸਿੰਘ ਸਮਾਣਾ ਮੌਜੂਦ ਸਨ।



# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਲਕਾ ਬੁਢਲਾਡਾ ਦੀਆਂ ਸੰਗਤਾਂ ਵੱਲੋਂ ਲੰਗਰ ਦੀ ਸੇਵਾ

ਤਲਵੰਡੀ ਸਾਬੋ, 20 ਮਈ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਵੱਖ-ਵੱਖ ਹਲਕਿਆਂ ਦੇ ਸ਼੍ਰੋਮਣੀ ਕਮੇਟੀ ਮੈਂਬਰਾਂ ਵਲੋਂ ਲੰਗਰ ਲਗਾਉਣ ਦੀ ਲੜੀ ਤਹਿਤ ਅੱਜ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਸਵੀਰ ਕੌਰ ਦਾਤੇਵਾਸ ਹਲਕਾ ਬੁਢਲਾਡਾ (ਮਾਨਸਾ) ਤੋਂ ਸੰਗਤ ਵਲੋਂ ਤਖ਼ਤ ਸਾਹਿਬ ਵਿਖੇ ਲੰਗਰ ਲਗਾਏ ਗਏ। ਇਸ ਮੌਕੇ ਜਿੱਥੇ ਹਲਕਾ ਬੁਢਲਾਡਾ ਦੀ ਸੰਗਤ ਵਲੋਂ ਜਿੱਥੇ ਗੁਰੂ ਕੇ ਲੰਗਰਾਂ ਦੀ ਸੇਵਾ ਕੀਤੀ ਉੱਥੇ ਹੀ ਉਨ੍ਹਾਂ ਤਖ਼ਤ ਸਾਹਿਬ ਅਤੇ ਹੋਰ ਸਾਰੇ ਇਤਿਹਾਸਕ ਗੁਰਦੁਆਰੇ ਸਹਿਬਾਨਾਂ ਦੀ ਧੁਆਈ ਦੀ ਸੇਵਾ ਵੀ ਕੀਤੀ ਗਈ। ਸੇਵਾ ਲਈ ਪਹੁੰਚੀ ਸੰਗਤ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲਾਗੋਵਾਲ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅੰਤ੍ਰਿੰਗ ਮੈਂਬਰ ਗੁਰਤੇਜ ਸਿੰਘ ਢੱਡੇ ਤੇ ਬਾਬਾ ਗੁਰਮੀਤ ਸਿੰਘ ਤਿਲੋਕੇਵਾਲੇ, ਸ. ਸੁਰਜੀਤ ਸਿੰਘ ਜੀ ਰਾਏਪੁਰ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰੀਕ ਸਿੰਘ ਕੋਟਸ਼ਮੀਰ, ਜਥੇ ਜਗਸੀਰ ਸਿੰਘ ਮਾਗੇਂਆਣਾ, ਸ. ਮਨਜੀਤ ਸਿੰਘ ਬੱਪੀਆਣਾ ਤੇ ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਕੇਵਲ ਸਿੰਘ ਸਕੱਤਰ ਸਬ-ਆਫ਼ਿਸ ਤਲਵੰਡੀ ਸਾਬੋ, ਸ. ਕਰਨ ਸਿੰਘ, ਸ. ਭੋਲਾ ਸਿੰਘ ਇੰਚਾਰਜ. ਸ. ਹਰਬੰਤ ਸਿੰਘ ਦਾਤੇਵਾਸ, ਸ. ਭੋਲਾ ਸਿੰਘ ਕਾਹਨਗੜ੍ਹ, ਸ. ਦਰਸ਼ਨ ਸਿੰਘ ਗੋਰਖਨਾਥ, ਸ. ਗੁਲਾਬ ਸਿੰਘ ਤਾਲਵਾਲਾ, ਸ. ਹਰਦਰਸਨ ਸਿੰਘ ਬੱਛੂਆਣਾ ਆਦਿ ਮੌਜੂਦ ਸਨ।

ਮੁੱਖ ਸੰਪਾਦਕ:
ਦਿਲਜੀਤ ਸਿੰਘ ਬੇਦੀ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਿੱਖ ਜਗਤ ਨੂੰ ਕੌਮੀ ਮੁੱਦਿਆਂ 'ਤੇ ਇਕਸੁਰ ਹੋਣ ਦੀ ਅਪੀਲ



ਤਲਵੰਡੀ ਸਾਬੋ, (10 ਮਈ)- ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਦੀ ਅਗਵਾਈ ਵਿਚ ਇਥੇ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ ਦਸਵੀਂ, ਬਾਬਾ ਦੀਪ ਸਿੰਘ ਸ਼ਹੀਦ ਛਾਉਣੀ ਨਿਹੰਗ ਸਿੰਘਾਂ ਵਿਖੇ ਜਥੇਦਾਰ ਬਾਬਾ ਚੇਤ ਸਿੰਘ ਅਤੇ ਜਥੇਦਾਰ ਬਾਬਾ ਸੰਤਾ ਸਿੰਘ ਦੀ ਯਾਦ ਵਿਚ ਸਾਲਾਨਾ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਵੱਡੀ ਗਿਣਤੀ ਵਿਚ ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਭਾਰਤ ਸਰਕਾਰ ਸਿੱਖ ਕੌਮ ਦੇ ਮਹਾਨ ਜਥੇਦਾਰ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦੇ ਨਾਂ 'ਤੇ ਇਕ ਐਵਾਰਡ ਸ਼ੁਰੂ ਕਰੇ ਜੋ ਉੱਘੇ ਸਿੱਖ ਖਿਡਾਰੀਆਂ ਨੂੰ ਉਨ੍ਹਾਂ ਦੀਆਂ ਦੇਸ਼ ਦਾ ਨਾਂ ਰੌਸ਼ਨ ਕਰਨ ਲਈ ਨਿਭਾਈਆਂ ਸੇਵਾਵਾਂ ਦੇ ਬਦਲੇ ਦਿੱਤਾ ਜਾਵੇ। ਉਨ੍ਹਾਂ ਖ਼ਾਲਸਾ ਪੰਥ ਨੂੰ ਵਰਤਮਾਨ ਚਣੌਤੀਆਂ ਦਾ ਮੁਕਾਬਲਾ ਕਰਨ ਲਈ ਇਕਜੁਟ ਹੋਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਕੌਮ ਦੀਆਂ ਕੁਝ ਦੁਸ਼ਮਣ ਸ਼ਕਤੀਆਂ ਜਾਣ-ਬੁਝ ਕੇ ਕੌਮ ਅੰਦਰ ਦੁਬਿਧਾ ਪੈਦਾ ਕਰ ਰਹੀਆਂ ਹਨ। ਉਨ੍ਹਾਂ ਨੁਕਤਾਚੀਨੀ ਕਰਨ ਵਾਲੇ ਕੌਮੀ ਨਿੰਦਕਾਂ ਨੂੰ ਸਿੱਖ ਕੌਮ ਦੇ ਸੂਰਬੀਰਾਂ, ਜਰਨੈਲਾਂ ਦੇ ਜੀਵਨ ਤੋਂ ਸਬਕ ਲੈਣ ਲਈ ਕਿਹਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਅੱਜ ਸਮੁੱਚੇ ਖ਼ਾਲਸਾ ਪੰਥ ਨੂੰ ਇਕ ਮੰਚ 'ਤੇ ਇਕੱਠਾ ਹੋਣ ਦੀ ਲੋੜ ਹੈ, ਤਾਂ ਜੋ ਪੰਥ ਵਿਰੋਧੀਆਂ ਨੂੰ ਮੂੰਹ ਤੋੜ ਜਵਾਬ ਦਿੱਤਾ ਜਾ ਸਕੇ। ਉਨ੍ਹਾਂ ਜਾਣ-ਬੁਝ ਕੇ ਕੌਮ ਨੂੰ ਨਿੱਤ ਨਵੀਆਂ ਚੁਣੌਤੀਆਂ ਦੇਣ ਵਾਲੇ ਲੋਕਾਂ ਨੂੰ ਕਿਹਾ ਕਿ ਉਹ ਕੌਮ ਦੀ ਪਿੱਠ ਵਿਚ ਛੁਰਾ ਨਾ ਮਾਰਨ, ਸਗੋਂ ਆਪਣੀ ਸ਼ਕਤੀ ਕੌਮ ਦੀ ਚੜ੍ਹਦੀ ਕਲਾ ਲਈ ਵਰਤਣ। ਉਨ੍ਹਾਂ ਸਮੁੱਚੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖ਼ਤ ਦੇ ਝੰਡੇ ਹੇਠ ਇਕੱਠੇ ਹੋਣ। ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਸਮੇਂ ਛਾਪੀ ਗਈ ਹਿੰਦੀ ਪੁਸਤਕ ਸਿੱਖ ਇਤਿਹਾਸ ਤੇ ਗੁਰਬਿਲਾਸ ਪਾਤਸ਼ਾਹੀ ਛੇਵੀਂ ਬਾਰੇ ਕਿਹਾ ਕਿ ਇਨ੍ਹਾਂ ਉਪਰ ਬਹੁਤ ਸਮਾਂ ਪਹਿਲਾਂ ਹੀ ਪਾਬੰਦੀ ਲਗਾਈ ਜਾ ਚੁੱਕੀ ਹੈ ਅਤੇ ਅੱਜ ਇਸ ਨੂੰ ਮੁੱਦਾ ਬਣਾਉਣ ਵਾਲੇ ਲੋਕ ਕੇਵਲ ਆਪਣੀ ਚਰਚਾ ਖਾਤਰ ਹੀ ਅਜਿਹਾ ਕਰ ਰਹੇ ਹਨ। ਉਨ੍ਹਾਂ ਬਾਬਾ ਬਲਬੀਰ ਸਿੰਘ ਵੱਲੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਰਹਿ ਚੁੱਕੇ ਜਥੇਦਾਰਾਂ ਦੀ ਸਾਲਾਨਾ ਯਾਦ ਮਨਾਉਣ ਦੇ ਉਪਰਾਲੇ ਦੀ ਪ੍ਰਸ਼ੰਸਾ ਵੀ ਕੀਤੀ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਇਕਬਾਲ ਸਿੰਘ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ ਅਤੇ ਬਾਬਾ ਬਲਬੀਰ ਸਿੰਘ ਵੱਲੋਂ ਨੌਜੁਆਨੀ ਨੂੰ ਕੌਮੀ ਵਿਰਸੇ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਬਾਬਾ ਬਲਬੀਰ ਸਿੰਘ ਨੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਭਾਈ ਜਸਬੀਰ ਸਿੰਘ ਪਾਉਂਟਾ ਸਾਹਿਬ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਤਰਸੇਮ ਸਿੰਘ ਮੋਰਾਂਵਾਲੀ ਅਤੇ ਭਾਈ ਮਹਿੰਦਰ ਸਿੰਘ ਸਿਬੀਆ ਦੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਜਗਸੀਰ ਸਿੰਘ ਮਾਂਗੇਆਣਾ, ਬਾਬਾ ਗੱਜਣ ਸਿੰਘ ਬਾਬਾ ਬਕਾਲ ਤਰਨਾ ਦਲ, ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾਂ, ਬਾਬਾ ਮਨਮੋਹਨ ਸਿੰਘ ਬਾਰਨ, ਬਾਬਾ ਜੋਗਾ ਸਿੰਘ ਕਰਨਾਲ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਬਾਬਾ ਵੱਸਣ ਸਿੰਘ, ਬਾਬਾ ਅਰਜਨ ਸਿੰਘ ਪਟਿਆਲਾ, ਬਾਬਾ ਬਲਕਾਰ ਸਿੰਘ ਹਨੂੰਮਾਨਗੜ੍ਹ, ਬਾਬਾ ਜੱਸਾ ਸਿੰਘ, ਬਾਬਾ ਸੁਖਵਿੰਦਰ ਸਿੰਘ ਮੋਹਰ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਬਾਬਾ ਰਘਬੀਰ ਸਿੰਘ ਖਿਆਲਾ, ਬਾਬਾ ਸੁਖਜੀਤ ਸਿੰਘ ਘਨਈਆ, ਗਿਆਨੀ ਭਗਵਾਨ ਸਿੰਘ ਜੌਹਲ, ਮੈਨੇਜਰ ਸ. ਕਰਨ ਸਿੰਘ ਆਦਿ ਮੌਜੂਦ ਸਨ।

# ਗੁਰਦੁਆਰਾ ਰੇਰੂ ਸਾਹਿਬ ਨੰਦਪੁਰ ਵਿਖੇ ਹੋਏ ਦਸਤਾਰ ਮੁਕਾਬਲੇ ਵਿਚ 1530 ਪ੍ਰਤੀਯੋਗੀਆਂ ਨੇ ਲਿਆ ਭਾਗ



ਲੁਧਿਆਣਾ/ਸਾਹਨੇਵਾਲ 27 ਮਈ- ਦਸਤਾਰ ਸਿੱਖਾਂ ਦਾ ਧਾਰਮਿਕ ਚਿੰਨ੍ਹ ਹੀ ਨਹੀਂ ਬਲਕਿ ਅਣਖ, ਹਿੰਮਤ, ਆਜ਼ਾਦ, ਨਿਆਰੀ ਤੇ ਵੱਖਰੀ ਪਹਿਚਾਣ ਦਰਸਾਉਂਦੀ ਹੈ। ਦੇਸ਼-ਵਿਦੇਸ਼ਾਂ 'ਚ ਸਿੱਖ ਦੀ ਪਛਾਣ ਦਸਤਾਰ ਵਾਲੇ ਮਨੁੱਖ ਦੇ ਰੂਪ ਵਿਚ ਸਥਾਪਤ ਹੋ ਚੁੱਕੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਜੂਨੀਅਰ ਮੀਤ ਪ੍ਰਧਾਨ ਦੀ ਪਹਿਲਕਦਮੀ ਬਦੌਲਤ ਧਰਮ ਪ੍ਰਚਾਰ ਕੇਸ-ਸੰਭਾਲ ਲਹਿਰ ਤਹਿਤ ਗੁਰਦੁਆਰਾ ਰੇਰੂ ਸਾਹਿਬ ਨੰਦਪੁਰ, ਸਾਹਨੇਵਾਲ ਵਿਖੇ ਕਰਵਾਏ ਸੁੰਦਰ ਦਸਤਾਰ ਮੁਕਾਬਲੇ ਦੌਰਾਨ ਕੀਤਾ। ਭਾਈ ਲੌਂਗੋਵਾਲ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖਸ਼ੇ ਕੇਸਾਂ ਦੀ ਸੰਭਾਲ ਲਈ ਦਸਤਾਰ ਸਜਾਈ ਜਾਂਦੀ ਹੈ। ਦਸਤਾਰ ਸਿੱਖ ਦੀ ਧਾਰਮਿਕ ਪਹਿਚਾਣ ਹੈ, ਦਸਤਾਰ ਦੇ ਬਿਨ੍ਹਾਂ ਸਿੱਖੀ ਦੀ ਮੂਲ ਧਾਰਾ ਵਿਚ ਸ਼ਾਮਲ ਨਹੀਂ ਹੋਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਦਸਤਾਰ ਸਜਾਉਣ ਲਈ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਮੈਂ ਸਮੇਂ ਦਸਤਾਰ ਮੁਕਾਬਲਿਆਂ ਦਾ ਆਯੋਜਨ ਕਰਨਾ ਜ਼ਰੂਰੀ ਹੁੰਦਾ ਹੈ।

ਇਸ ਸਮੇਂ ਜੱਥੇਦਾਰ ਜੱਲ੍ਹਾ ਨੇ ਦੱਸਿਆ ਕਿ ਇਸ ਮੁਕਬਾਲੇ ਦੇ ਤਿੰਨ ਵਰਗਾਂ 1530 ਪ੍ਰਤੀਯੋਗੀਆਂ ਨੇ ਭਾਗ ਲਿਆ। ਜਿਨ੍ਹਾਂ ਵਿਚੋਂ ਜੇਤੂਆਂ ਨੂੰ ਕਰਮਵਾਰ 7100/-, 5100/- ਤੇ 3100/- ਰੁਪਏ ਦੀ ਰਾਸ਼ੀ ਅਤੇ ਹਰ ਵਰਗ ਦੇ ਪੰਜ-ਪੰਜ ਪ੍ਰਤੀਯੋਗੀਆਂ ਨੂੰ ਵਿਸ਼ੇਸ਼ ਇਨਾਮ ਵਜੋਂ 500/- ਰੁਪਏ ਨਗਦ ਇਨਾਮ, ਮੈਡਲ ਅਤੇ ਹਰ ਪ੍ਰਤੀਯੋਗੀ ਨੂੰ ਸਰਟੀਫਿਕੇਟ ਦੇ ਕੇ ਨਿਵਾਜਿਆ ਗਿਆ। ਉਨ੍ਹਾਂ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ, ਸੰਤ ਬਾਬਾ ਨਰਿੰਦਰ ਸਿੰਘ ਮੁਖੀ ਸੰਪ੍ਰਦਾਇ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਦਿੱਤੇ ਹੌਸਲੇ ਅਤੇ ਦਸਤਾਰ ਮੁਕਾਬਲੇ ਦੇ ਪ੍ਰਤੀਯੋਗੀਆਂ ਨੂੰ ਦਿੱਤੀ ਹੌਂਸਲਾਅਫਜ਼ਾਈ ਲਈ ਧੰਨਵਾਦ ਕੀਤਾ।

ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਵੀ ਦਸਤਾਰ ਦੀ ਮਹੱਤਤਾ ਅਤੇ ਇਤਿਹਾਸ ਬਾਰੇ ਜਾਣਕਾਰੀ ਭਰਪੂਰ ਵਿਚਾਰਾਂ ਸਾਂਝੀਆਂ ਕੀਤੀਆਂ। ਉਨ੍ਹਾਂ ਪ੍ਰਤੀਯੋਗੀਆਂ ਨੂੰ ਦਸਤਾਰ ਸਿਰ ਦਾ ਤਾਜ ਕਿਉਂ ਤੇ ਕਿਵੇਂ ਵਿਸ਼ੇ 'ਤੇ ਵਿਦਵਤਾ ਭਰਪੂਰ ਵਡਮੁੱਲੀ ਜਾਣਕਾਰੀ ਦਿੱਤੀ। ਸ. ਬੇਦੀ ਨੇ ਜੱਥੇ. ਜੱਲ੍ਹਾ ਨੂੰ ਇਸ ਮੁਕਾਬਲੇ ਦੀ ਕਾਮਯਾਬੀ ਲਈ ਵਧਾਈ ਵੀ ਦਿੱਤੀ।

ਇਸ ਦਸਤਾਰ ਮੁਕਾਬਲੇ ਵਿਚ ਜਥੇ. ਬਾਬਾ ਮੇਜਰ ਸਿੰਘ, ਗਿਆਨੀ ਅਜੀਤ ਸਿੰਘ, ਗਿਆਨੀ ਕੁਲਦੀਪ ਸਿੰਘ, ਗਿਆਨੀ ਸੁਖਵਿੰਦਰ ਸਿੰਘ, ਗਿਆਨੀ ਬਲਵੰਤ ਸਿੰਘ, ਗਿਆਨੀ ਹਰਪ੍ਰੀਤ ਸਿੰਘ, ਗਿਆਨੀ ਮਨਜੀਤ ਸਿੰਘ ਆਦਿ ਦੀ ਮਿਹਨਤ ਦੇ ਨਾਲ-ਨਾਲ ਇਸ ਮੁਕਾਬਲੇ ਵਿਚ ਜੱਜ ਦੀ ਭੂਮਿਕਾ ਨਿਭਾਉਣ ਵਾਲੇ ਸ. ਗੁਰਦੀਪ ਸਿੰਘ ਨਿਯਾਮਪੁਰ ਦੀ ਟੀਮ ਡਾ. ਜਸਵੰਤ ਸਿੰਘ, ਪ੍ਰੋ. ਜਗਤਾਰ ਸਿੰਘ ਨੌਗਾਵਾਂ, ਸ. ਅਮਨਦੀਪ ਸਿੰਘ ਜਰਗ ਦੀ ਕਾਰਗੁਜ਼ਾਰੀ ਵੀ ਸ਼ਲਾਘਾਯੋਗ ਰਹੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਕੇਸ ਸੰਭਾਲ ਲਹਿਰ ਤਹਿਤ ਕਰਵਾਇਆ ਗਿਆ ਇਹ ਦਸਤਾਰ ਮੁਕਾਬਲਾ ਇਸ ਕਰਕੇ ਵੀ ਵਿਸ਼ੇਸ਼ ਛਾਪ ਛੱਡ ਗਿਆ ਕਿਉਂਕਿ ਗਰਮੀ ਅਤੇ ਸਕੂਲੀ/ਕੰਮਕਾਰ ਵਾਲਾ ਦਿਨ ਹੋਣ ਦੇ ਬਾਵਜੂਦ ਵੀ 1530 ਬੱਚਿਆਂ ਨੇ ਇਸ ਵਿਚ ਭਾਗ ਲਿਆ। ਬੱਚਿਆਂ ਵਿਚ ਦਸਤਾਰ ਪ੍ਰਤੀ ਜਾਗ੍ਰਿਤੀ ਪੈਦਾ ਕਰਨ ਦਾ ਇਹ ਉਪਰਾਲਾ ਵਿਸ਼ੇਸ਼ ਮੰਨਿਆ ਜਾਵੇਗਾ ਕਿਉਂਕਿ ਅਜਿਹੇ ਮੁਕਬਾਲੇ ਵਿਦਿਆਰਥੀਆਂ ਨੂੰ ਸਿੱਖ ਸੱਭਿਆਚਾਰ ਨਾਲ ਜੋੜਨ ਅਤੇ ਪਤਿਤਪੁਣੇ ਤੋਂ ਬਚਾਉਣ ਲਈ ਅਹਿਮ ਭੂਮਿਕਾ ਅਦਾ ਕਰ ਰਹੇ ਹਨ।

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਤਾਰ੍ਹਵਾਂ ਹਫ਼ਤਾਵਾਰੀ ਸਮਾਗਮ 365 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਤਲਵੰਡੀ ਸਾਬੋ, 20 ਮਈ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਿੱਖ ਕੌਮ ਦੇ ਚੌਥੇ ਤਖ਼ਤ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਮਰਪਿਤ ਸ਼ੁਰੂ ਕੀਤੀ ਗਈ ਗੁਰਮਤਿ ਪ੍ਰਚਾਰ ਲਹਿਰ ਅਤੇ ਹਫ਼ਤਾਵਾਰੀ ਸਮਾਗਮਾਂ ਦੀ ਲੜੀ ਤਹਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਤਾਰ੍ਹਵਾਂ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਹਫ਼ਤਾਵਾਰੀ ਗੁਰਮਤਿ ਸਮਾਗਮ ਵਿਚ ਭਾਈ ਅੰਮ੍ਰਿਤਪਾਲ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਗੁਰਦਿੱਤ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਲਖਵੀਰ ਸਿੰਘ ਤੇੜੀ ਕਵੀਸ਼ਰੀ ਜਥਾ, ਭਾਈ ਤਰਸੇਮ ਸਿੰਘ ਖੇਤਲਾ ਢਾਡੀ ਜਥਾ, ਭਾਈ ਗੁਰਮੀਤ ਸਿੰਘ ਮਲਕੋਂ ਪ੍ਰਚਾਰਕ ਅਤੇ ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਵਲੋਂ ਗੁਰ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਭੋਲਾ ਸਿੰਘ ਇੰਚਾਰਜ ਧਰਮ ਪ੍ਰਚਾਰ ਦਫ਼ਤਰ ਨੇ ਦੱਸਿਆ ਕਿ ਗੁਰਮਤਿ ਪ੍ਰਚਾਰ ਵਹੀਰ ਦੀ ਪ੍ਰੇਰਨਾ ਸਦਕਾ ਵੱਖ-ਵੱਖ ਇਲਾਕਿਆਂ ਤੋਂ 365 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕੀ। ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਵਲੋਂ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਹੋਰ ਸੰਗਤਾਂ ਨੂੰ ਵੀ ਆਉਂਦੇ ਸਮਾਗਮਾਂ ਵਿਚ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਦੀ ਅਪੀਲ ਕੀਤੀ।

ਇਸ ਮੌਕੇ ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਭੋਲਾ ਸਿੰਘ ਇੰਚਾਰਜ ਸਬ-ਆਫ਼ਿਸ, ਬਲਵੀਰ ਸਿੰਘ ਰਾਏਪੁਰ, ਸਵਰਨ ਸਿੰਘ ਮੂਸਾ, ਅਮਨਦੀਪ ਸਿੰਘ ਫੱਤਾ, ਮਨਦੀਪ ਸਿੰਘ ਮਾਖਾ ਅਤੇ ਕੁਲਵਿੰਦਰ ਸਿੰਘ ਬੰਗੀ ਆਦਿ ਮੌਜੂਦ ਸਨ।

# ਗੁਰੂਹਰਸਹਾਏ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮ 'ਚ 103 ਪ੍ਰਾਣੀਆਂ ਨੇ ਅੰਮ੍ਰਿਤ ਛਕਿਆ



ਗੁਰੂਹਰਸਹਾਏ, 21 ਮਈ - ਪਹਿਲੀ ਪਾਤਸ਼ਾਹੀ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੂਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਗੁਰੂਹਰਸਹਾਏ ਵਿਖੇ ਗੁਰਮਤਿ ਸਮਾਗਮ ਕੀਤਾ ਗਿਆ। ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਦਰਸ਼ਨ ਸਿੰਘ ਬਰਾੜ ਦੇ ਵਿਸ਼ੇਸ਼ ਉਪਰਾਲੇ ਸਦਕਾ ਧਰਮ ਪ੍ਰਚਾਰ ਲਹਿਰ ਤਹਿਤ ਸਥਾਨਕ ਸ਼ਹਿਰ ਵਿਖੇ ਕਰਵਾਏ ਗਏ ਇਸ ਸਮਾਗਮ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ। ਇਸ ਮੌਕੇ 103 ਪ੍ਰਾਣੀਆਂ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਸੁਰਜੀਤ ਸਿੰਘ ਫ਼ਿਰੋਜ਼ਪੁਰੀਆ, ਭਾਈ ਸਿਮਰਨਜੀਤ ਸਿੰਘ ਬਲਵਿੰਦਰ ਸਿੰਘ ਕਲਸੀ ਅਤੇ ਕਵੀਸ਼ਰ ਭਾਈ ਰੇਸ਼ਮ ਸਿੰਘ ਦੇ ਜਥੇ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ।

ਇਸ ਮੌਕੇ ਗੁਰਦੁਆਰਾ ਵਿਸ਼ਵਕਰਮਾ ਸਾਹਿਬ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਭਾਈ ਛਿੰਦਰਪਾਲ ਸਿੰਘ ਭੋਲਾ, ਹੁਕਮ ਸਿੰਘ ਸਰਪ੍ਰਸਤ, ਹਰਨੇਕ ਸਿੰਘ, ਜਰਨੈਲ ਸਿੰਘ, ਗੁਰਦਿੱਤ ਸਿੰਘ, ਬਲਵਿੰਦਰ ਸਿੰਘ ਵਾਹੜਾ, ਸਾਧੂ ਸਿੰਘ, ਕਰਨੈਲ ਸਿੰਘ, ਛਿੰਦਾ ਸਿੰਘ ਮਾਲਵਾ ਤੇ ਹੋਰ ਸੰਗਤਾਂ ਹਾਜ਼ਰ ਸਨ।

# ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਵਿਖੇ 150 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ



ਸਤਲਾਣੀ ਸਾਹਿਬ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਹੁਸ਼ਿਆਰ ਨਗਰ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਸਮਾਗਮ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸੁਖਵੰਤ ਸਿੰਘ ਸਭਰਾ ਭਾਈ ਗੁਰਵਿੰਦਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਵੱਲੋਂ ਅਟਾਰੀ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਵਿਚ ਦੀਵਾਨ ਸਜਾ ਕੇ ਸੰਗਤਾਂ ਨੂੰ ਧਰਮ ਪ੍ਰਚਾਰ ਲਹਿਰ ਦੇ ਤਹਿਤ ਘਰ ਘਰ ਜਾ ਅੰਮ੍ਰਿਤ ਛੱਕਣ ਲਈ ਪ੍ਰੇਰਿਤ ਕੀਤਾ ਗਿਆ। ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ। ਇਸ ਮੌਕੇ 150 ਪ੍ਰਾਣੀ ਅੰਮ੍ਰਿਤ ਛੱਕ ਕੇ ਗੁਰੁ ਵਾਲੇ ਬਣੇ। ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਨਿਰਮਲ ਸਿੰਘ, ਸ. ਮਗਵਿੰਦਰ ਸਿੰਘ ਖਾਪੜਖੇੜੀ ਅਤੇ ਸਾਬਕਾ ਕੈਬਨਿਟ ਮੰਤਰੀ ਸ. ਗੁਲਜਾਰ ਸਿੰਘ ਰਣੀਕੇ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਵਿਸ਼ੇਸ ਧੰਨਵਾਦ ਕੀਤਾ।

ਇਸ ਮੌਕੇ ਸਤਲਾਣੀ ਸਾਹਿਬ ਦੇ ਮੈਨੇਜਰ ਸ. ਬਲਦੇਵ ਸਿੰਘ ਖੈਰਾਬਾਦ ਵੱਲੋਂ ਪੁੱਜੀਆਂ ਸ਼ਖਸੀਅਤਾਂ ਨੂੰ ਗੁਰੂ ਘਰ ਦੀ ਬਖਸਿਸ਼ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਰਪੰਚ ਸ. ਅਜਮੇਰ ਸਿੰਘ ਘਰਿੰਡੀ, ਗਿਆਨੀ ਹਰਭਜਨ ਸਿੰਘ ਭੁੱਸੇ, ਸ. ਹਰਭਜਨ ਸਿੰਘ ਠੇਕੇਦਾਰ, ਸ. ਹਰਵਿੰਦਰ ਸਿੰਘ ਵੇਰਕਾ, ਸ. ਅਜੀਤ ਸਿੰਘ, ਸ. ਸ਼ਿੰਗਾਰਾ ਸਿੰਘ, ਸ. ਇੰਦਰਜੀਤ ਸਿੰਘ, ਸ. ਜਸਪਾਲ ਸਿੰਘ, ਸ. ਗੁਰਵਿਨੋਦ ਸਿੰਘ, ਸ. ਲਖਵੰਤ ਸਿੰਘ, ਸ. ਕਰਮਜੀਤ ਸਿੰਘ, ਸ. ਹਰਦੀਪ ਸਿੰਘ ਅਟਾਰੀ, ਸ. ਸੁਖਦੇਵ ਸਿੰਘ, ਭਾਈ ਮਨਦੀਪ ਸਿੰਘ ਗ੍ਰੰਥੀ, ਭਾਈ ਕ੍ਰਿਪਾਲ ਸਿੰਘ ਗ੍ਰੰਥੀ ਤੇ ਸ. ਕਸਮੀਰ ਸਿੰਘ ਆਦਿ ਹਾਜ਼ਰ ਸਨ।



# ਹਰ ਗ੍ਰੰਥੀ ਤੇ ਅਖੰਡਪਾਠੀ ਨੂੰ ਸੰਥਿਆ ਦੇਣਾ ਸਾਡਾ ਮੁੱਖ ਟੀਚਾ -ਭਾਈ ਲੌਂਗੋਵਾਲ

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਗੁਰਬਾਣੀ ਪਾਠ ਬੋਧ ਸਮਾਗਮ ਸੰਪੰਨ

ਤਲਵੰਡੀ ਸਾਬੋ, 19 ਮਈ-ਗ੍ਰੰਥੀ ਤੇ ਅਖੰਡਪਾਠੀ ਸਿੰਘ ਸਿੱਖੀ ਪ੍ਰਚਾਰ ਦਾ ਮੁੱਖ ਧੁਰਾ ਹਨ ਅਤੇ ਇਨ੍ਹਾਂ ਦਾ ਗੁਰਬਾਣੀ ਦੇ ਉਚਾਰਨ ਦੀਆਂ ਬਰੀਕੀਆਂ ਤੋਂ ਜਾਣੂ ਹੋਣਾ ਬਹੁਤ ਜ਼ਰੂਰੀ ਹੈ। ਇਹ ਵਿਚਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਬੀਤੇ ਇਕ ਮਹੀਨੇ ਤੋਂ ਚੱਲ ਰਹੇ ਗੁਰਬਾਣੀ ਪਾਠ ਬੋਧ ਸਮਾਗਮ ਦੀ ਸਮਾਪਤੀ ਸਮੇਂ ਇਥੇ ਗੁਰਦੁਆਰਾ ਜੰਡਸਰ ਸਾਹਿਬ ਵਿਖੇ ਰੱਖੇ ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿਚ ਸੇਵਾ ਨਿਭਾਅ ਰਹੇ ਹਰ ਗ੍ਰੰਥੀ ਤੇ ਅਖੰਡਪਾਠੀ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਸਿੱਖਿਆ ਦੇਣਾ ਸ਼੍ਰੋਮਣੀ ਕਮੇਟੀ ਦਾ ਮੁੱਖ ਟੀਚਾ ਹੈ, ਜਿਸ ਨੂੰ ਪੂਰਾ ਕਰਨ ਲਈ ਇੱਕ ਵਿਸ਼ੇਸ਼ ਨੀਤੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਹਰ ਜਿਲ੍ਹੇ ਵਿਚ ਪਾਠ ਬੋਧ ਸਮਾਗਮ ਹੋਣਗੇ ਅਤੇ ਅਗਲਾ ਸਮਾਗਮ ਸ੍ਰੀ ਮੁਕਤਸਰ ਸਾਹਿਬ ਵਿਖੇ ਸ਼ੁਰੂ ਹੋਵੇਗਾ। ਉਨ੍ਹਾਂ ਗੁਰਬਾਣੀ ਪਾਠ ਬੋਧ ਸਮਾਗਮ ਵਿਚ ਗੁਰਬਾਣੀ ਦੀ ਮੁਕੰਮਲ ਸੰਥਿਆ ਲੈਣ ਵਾਲੇ ਗ੍ਰੰਥੀਆਂ ਤੇ ਅਖੰਡਪਾਠੀ ਸਿੰਘਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ, ਪ੍ਰਮਾਣ ਪੱਤਰ ਤੇ 51-51 ਸੌ ਰੁਪਏ ਦੇ ਕੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਲਈ ਗ੍ਰੰਥੀ-ਅਖੰਡਪਾਠੀ ਸਿੰਘਾਂ ਨੂੰ ਜਾਣਕਾਰੀ ਦੇਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਆਰੰਭੀ ਗਈ ਮੁਹਿੰਮ ਸਮੇਂ ਦੀ ਲੋੜ ਹੈ ਅਤੇ ਇਸ ਕਾਰਜ ਲਈ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਧਾਈ ਦੇ ਹੱਕਦਾਰ ਹਨ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ ਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਤੋਂ ਪਹਿਲਾਂ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਮਾਪਤੀ ਦੀ ਅਰਦਾਸ ਹੋਈ। ਸਟੇਜ਼ ਦੀ ਸੇਵਾ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਨਿਭਾਈ।

ਦੱਸਣਯੋਗ ਹੈ ਕਿ 20 ਅਪ੍ਰੈਲ ਤੋਂ ਆਰੰਭ ਹੋ ਕੇ 19 ਮਈ ਤਕ ਚੱਲੇ ਇਸ ਪਾਠ ਬੋਧ ਸਮਾਗਮ ਵਿਚ 100 ਤੋਂ ਵੱਧ ਗ੍ਰੰਥੀ, ਅਖੰਡਪਾਠੀ ਸਿੰਘਾਂ ਨੇ ਹਿੱਸਾ ਲਿਆ। ਇਸ ਤੋਂ ਇਲਾਵਾ ਨਿੱਜੀ ਤੌਰ 'ਤੇ ਪਾਠ ਕਰਨ ਲਈ ਕੁਝ ਬੀਬੀਆਂ ਨੇ ਵੀ ਗੁਰਬਾਣੀ ਉਚਾਰਨ ਦੀ ਸੰਥਿਆ ਪ੍ਰਾਪਤ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਅੰਤ੍ਰਿੰਗ ਮੈਂਬਰ ਸ. ਗੁਰਤੇਜ ਸਿੰਘ ਢੱਡੇ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਸੁਰਜੀਤ ਸਿੰਘ ਰਾਏਪੁਰ, ਸ. ਮਨਜੀਤ ਸਿੰਘ ਬੱਪੀਆਣਾ, ਸ. ਰਾਮਪਾਲ ਸਿੰਘ ਬਹਿਣੀਵਾਲ, ਬੀਬੀ ਜੋਗਿੰਦਰ ਕੌਰ ਬਠਿੰਡਾ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਬਾਬਾ ਛੋਟਾ ਸਿੰਘ ਬੁੰਗਾ ਮਸਤੂਆਣਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਕੇਵਲ ਸਿੰਘ ਭੂਰਾਕੋਹਨਾ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਮੈਨੇਜਰ ਸ. ਕਰਨ ਸਿੰਘ, ਸ. ਸੁਮੇਰ ਸਿੰਘ ਬਾਦੀਆਂ ਆਦਿ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਜ਼ਿਲ੍ਹਾ ਪੱਧਰ 'ਤੇ ਕਰਵਾਏ ਜਾਣਗੇ ਗੁਰਬਾਣੀ ਪਾਠ ਬੋਧ ਸਮਾਗਮ -ਭਾਈ ਲੌਂਗੋਵਾਲ

## ਭਾਈ ਗੁਰਦਾਸ ਹਾਲ ਵਿਖੇ ਗੁਰਬਾਣੀ ਪਾਠ ਬੋਧ ਸਮਾਗਮ ਦੀ ਸੰਪੂਰਤਾ ਸਮੇਂ ਗ੍ਰੰਥੀ ਤੇ ਅਖੰਡਪਾਠੀ ਸਿੰਘ ਸਨਮਾਨਿਤ



ਅੰਮ੍ਰਿਤਸਰ, 18 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਥਾਨਕ ਭਾਈ ਗੁਰਦਾਸ ਹਾਲ ਵਿਖੇ 17 ਅਪ੍ਰੈਲ ਤੋਂ ਆਰੰਭ ਕੀਤੇ ਗਏ ਗੁਰਬਾਣੀ ਪਾਠ ਬੋਧ ਸਮਾਗਮ ਦੀ ਸੰਪੂਰਨਤਾ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਥਿਆ ਪ੍ਰਾਪਤ ਕਰਨ ਵਾਲੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਪ੍ਰਮਾਣ ਪੱਤਰ ਅਤੇ 5100-5100 ਰੁਪਏ ਦੀ ਰਾਸ਼ੀ ਦੇ ਚੈੱਕ ਦੇ ਕੇ ਸਨਮਾਨਿਤ ਕੀਤਾ। ਇਸ ਸਮੇਂ ਅਰਦਾਸ ਭਾਈ ਕੁਲਵਿੰਦਰ ਸਿੰਘ ਨੇ ਕੀਤੀ, ਜਦਕਿ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ ਨੇ ਲਿਆ।

ਇਸ ਮੌਕੇ ਸੰਬੋਧਨ ਕਰਦਿਆਂ ਭਾਈ ਲੌਂਗੋਵਾਲ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਨੂੰ ਲਗਾਤਾਰ ਅੱਗੇ ਵਧਾਇਆ ਜਾਵੇਗਾ ਅਤੇ ਹਰ ਪਿੰਡ-ਸ਼ਹਿਰ ਦੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਗੁਰਬਾਣੀ ਦੀ ਮੁਕੰਮਲ ਸੰਥਿਆ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਾਵੇਂ ਪਹਿਲੇ ਪੜਾਅ ਤਹਿਤ ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਸਰਪ੍ਰਸਤੀ ਹੇਠ ਅੰਮ੍ਰਿਤਸਰ, ਸ੍ਰੀ ਅਨੰਦਪੁਰ ਸਾਹਿਬ ਅਤੇ ਤਲਵੰਡੀ ਸਾਬੋ ਵਿਖੇ ਗੁਰਬਾਣੀ ਸੰਥਿਆ ਦੇ ਕੈਂਪ ਲਗਾਏ ਗਏ ਹਨ ਪਰ ਅਗਲੇ ਪੜਾਅ ਵਿਚ ਇਨ੍ਹਾਂ ਕੈਂਪਾਂ ਨੂੰ ਜ਼ਿਲ੍ਹਾ ਪੱਧਰ ਤੱਕ ਲਿਜਾਇਆ ਜਾਵੇਗਾ। ਉਨ੍ਹਾਂ ਗੁਰਬਾਣੀ ਦੀ ਸਿੱਖਿਆ ਪ੍ਰਾਪਤ ਕਰਨ ਵਾਲੇ ਗ੍ਰੰਥੀਆਂ ਨੂੰ ਪ੍ਰੇਰਨਾ ਕੀਤੀ ਕਿ ਉਹ ਨੌਜਵਾਨਾਂ ਤੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਲਈ ਉਪਰਾਲੇ ਕਰਨ ਤਾਂ ਜੋ ਉਹ ਗੁਰਮਤਿ ਵਿਚਾਰਧਾਰਾ ਨਾਲ ਜੁੜ ਸਕਣ।

ਸਮਾਗਮ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗੁਰਬਾਣੀ ਦੇ ਸ਼ੁੱਧ ਪਾਠ ਲਈ ਗੁਰਬਾਣੀ ਵਿਆਕਰਣ ਦੀ ਸਮਝ ਜ਼ਰੂਰੀ ਹੈ ਅਤੇ ਹਰੇਕ ਗ੍ਰੰਥੀ/ਅਖੰਡਪਾਠੀ ਨੂੰ ਇਸ ਸੇਵਾ ਵਿਚ ਆਉਣ ਤੋਂ ਪਹਿਲਾਂ ਗੁਰਬਾਣੀ ਦੀ ਮੁਕੰਮਲ ਸੰਥਿਆ ਕਰਨੀ ਚਾਹੀਦੀ ਹੈ। ਉਨ੍ਹਾਂ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਗੁਰਬਾਣੀ ਦੇ ਪਾਠ ਬੋਧ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਹਰ ਗ੍ਰੰਥੀ ਅਖੰਡਪਾਠੀ ਨੂੰ ਇਸ ਲਹਿਰ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

ਇਸ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ ਅਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਸੰਥਿਆ ਪ੍ਰਾਪਤ ਕਰਨ ਵਾਲੇ ਸਿੰਘਾਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ 17 ਅਪ੍ਰੈਲ ਤੋਂ 18 ਮਈ ਤਕ ਚੱਲੇ ਇਸ ਕੈਂਪ ਵਿਚ 175 ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਸੀ ਅਤੇ ਪ੍ਰਸੰਨਤਾ ਦੀ ਗੱਲ ਹੈ ਕਿ ਲਗਭਗ ਸਾਰੇ ਹੀ ਸਿੰਘਾਂ ਨੇ ਮਹੀਨਾ ਭਰ ਚੱਲੇ ਕੈਂਪ ਵਿਚ ਲਗਾਤਾਰ ਹਾਜ਼ਰੀ ਭਰੀ ਹੈ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਸਾਬਕਾ ਜਥੇਦਾਰ, ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਤੇ ਸ. ਸੁਖਵਰਸ਼ ਸਿੰਘ ਪੰਨੂ, ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਸਿਮਰਜੀਤ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਪ੍ਰਿੰਸੀਪਲ ਬਲਦੇਵ ਸਿੰਘ, ਪ੍ਰੋਫੈਸਰ ਮਨਜੀਤ ਕੌਰ, ਭਾਈ ਪ੍ਰਮਿੰਦਰ ਸਿੰਘ ਆਦਿ ਮੌਜੂਦ ਸਨ।

# ਯੂ.ਪੀ. ਸਿੱਖ ਮਿਸ਼ਨ ਹਾਪੜ ਵੱਲੋਂ ਵੱਖ-ਵੱਖ ਥਾਂਈ ਗੁਰਮਤਿ ਸਮਾਗਮ



ਹਾਪੜ - ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਯੂ.ਪੀ. ਸਿੱਖ ਮਿਸ਼ਨ ਹਾਪੜ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਮਹੀਨਾ ਅਪ੍ਰੈਲ ਵਿਚ ਵੱਖ-ਵੱਖ ਥਾਂਈ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਏ ਗਏ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਵੱਖ-ਵੱਖ ਇਲਾਕਿਆਂ ਵਿਚ ਧਾਰਮਿਕ ਸਮਾਗਮ ਉਲੀਕੇ ਗਏ।

ਯੂ.ਪੀ. ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ ਨੇ ਦੱਸਿਆ ਕਿ ਅਪ੍ਰੈਲ ਮਹੀਨੇ ਵਿਚ ਵੱਖ-ਵੱਖ ਥਾਵਾਂ ਤੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮਾਂ ਸਮੇਂ 393 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ। ਉਨ੍ਹਾਂ ਦਸਿਆ ਕਿ ਗੁਰਦੁਆਰਾ ਸਿੰਘ ਸਭਾ ਰਾਇਬਰੇਲੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 36 ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਰਾਇ ਬਰੇਲੀ 19 ਪ੍ਰਾਣੀ, ਗੁਰਦੁਆਰਾ ਭਾਈ ਬੰਨੋ ਜੀ ਕਾਨਪੁਰ ਵਿਚ 42 ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਮਪੁਰ ਵਿਚ 41 ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਾਨਾ ਹਿੰਡੋਲ ਲਖਨਉ ਵਿਚ 28 ਪ੍ਰਾਣੀ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਿਲਾਸਪੁਰ ਵਿਖੇ 168 ਪ੍ਰਾਣੀ ਅਤੇ ਗੁਰਦੁਆਰਾ ਗੁਰੂ ਨਾਨਕ ਸਤਸੰਗ ਸਭਾ ਲਖਨਊ ਵਿਖੇ 12 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਉਨ੍ਹਾਂ ਦਸਿਆ ਕਿ ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।



ਯੂ.ਪੀ. ਸਿੱਖ ਮਿਸ਼ਨ ਹਾਪੜ ਵੱਲੋਂ ਕਾਨਪੁਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਵਿਚ 42 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਕਮੇਟੀ ਅਧੀਨ ਚੱਲ ਰਹੇ ਯੂ.ਪੀ. ਸਿੱਖ ਮਿਸ਼ਨ ਹਾਪੜ ਵੱਲੋਂ ਰਾਮਪੁਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਵਿਚ 168 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

# ਰਾਜਾਸਾਂਸੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ

ਰਾਜਾਸਾਂਸੀ - ਧਰਮ ਪ੍ਰਚਾਰ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਤਪ ਅਸਥਾਨ ਘਾਹ ਮੰਡੀ ਚੌਂਕ ਰਾਜਾਸਾਂਸੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਸਮਾਗਮ ਸਮੇਂ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਤਿੰਨ ਲੋੜਵੰਦ ਤੇ ਗਰੀਬ ਪਰਿਵਾਰਾਂ ਦੇ ਬੱਚਿਆਂ ਦੇ ਅਨੰਦ ਕਾਰਜ ਵੀ ਕਰਵਾਏ ਗਏ। ਗੁਰਮਤਿ ਸਮਾਗਮ ਸਮੇਂ ਭਾਈ ਸ਼ਰਨਜੀਤ ਸਿੰਘ ਕਥਾਵਾਚਕ ਨੇ ਸੰਗਤਾਂ ਨਾਲ ਗੁਰ ਇਤਿਹਾਸ ਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਭਾਈ ਗੁਰਵੰਤ ਸਿੰਘ ਤੇ ਭਾਈ ਤਿਲਕ ਸਿੰਘ ਦੇ ਰਾਗੀ ਜੱਥੇ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕਰ ਸੰਗਤਾਂ ਨੂੰ ਨਿਹਾਲ ਕੀਤਾ। ਗੁਰਮਤਿ ਪ੍ਰਚਾਰ ਸਮਾਗਮਾਂ ਵਿਚ ਸੰਗਤਾਂ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਅਭਿਲਾਖੀਆਂ ਨੂੰ ਅੰਮ੍ਰਿਤਪਾਨ ਕਰਵਾਇਆ ਜਿਸ ਵਿਚ 51 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸੇ ਸਮੇਂ ਸ. ਸਵਿੰਦਰ ਸਿੰਘ ਪ੍ਰਧਾਨ ਗ੍ਰੰਥੀ ਸਭਾ, ਭਾਈ ਕੁਲਬੀਰ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ, ਮਾਸਟਰ ਕੁਲਵੰਤ ਸਿੰਘ, ਸ. ਸਰਦੂਲ ਸਿੰਘ ਪ੍ਰਧਾਨ ਗ੍ਰੰਥੀ ਸਭਾ ਪੰਜਾਬ, ਸ. ਅਮਰੀਕ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।

# ਦੋਆਬਾ ਜ਼ੋਨ ਦਾ 13ਵਾਂ ਹਫਤਾਵਾਰੀ ਸਮਾਗਮ : ਨੌਜਵਾਨ ਪੀੜ੍ਹੀ ਸਿੱਖ ਇਤਿਹਾਸ ਅਤੇ ਸਿਧਾਂਤਾਂ ਤੋਂ ਜਾਣਕਾਰ ਹੋਵੇ -ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ

ਸ੍ਰੀ ਅਨੰਦਪੁਰ ਸਾਹਿਬ, 6 ਮਈ -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਲੋਂ ਸ਼ੁਰੂ ਗੁਰਮਤਿ ਪ੍ਰਚਾਰ ਲਹਿਰ ਦੇ ਦੋਆਬਾ ਜ਼ੋਨ ਦੇ 13ਵੇਂ ਹਫ਼ਤਾਵਰੀ ਸਮਾਗਮ ਵਿਚ ਸੰਗਤਾਂ ਨੇ ਭਾਰੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਸਿੱਖ ਸੰਗਤਾਂ ਨੂੰ ਸੰਦੇਸ਼ ਦਿੰਦੇ ਹੋਏ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੇ ਕਿਹਾ ਕਿ ਬੱਚਿਆਂ ਤੇ ਨੌਜਵਾਨ ਪੀੜ੍ਹੀ ਨੂੰ ਧਰਮੀ ਬਣਾਉਣ ਲਈ ਸਿੱਖ ਇਤਿਹਾਸ ਅਤੇ ਗੁਰ-ਸਿਧਾਂਤ ਤੋਂ ਜਾਣੂੰ ਕਰਵਾਉਣਾ ਅਤੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਪਰਾਲੇ ਤਾਂ ਹੀ ਸਫ਼ਲ ਹੋਣਗੇ ਜੇਕਰ ਮਾਤਾ-ਪਿਤਾ ਵੀ ਆਪਣਾ ਫਰਜ਼ ਪੂਰਾ ਕਰਨਗੇ। ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਸੰਗਤਾਂ ਨੂੰ ਗੁਰਮਤਿ ਸਮਾਗਮਾਂ ਅਤੇ ਧਾਰਮਿਕ ਨਾਟਕਾਂ ਤੋਂ ਲਾਹਾ ਲੈਣ ਦੀ ਅਪੀਲ ਕੀਤੀ। ਸਬ-ਆਫਿਸ ਦੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ ਨੇ ਸੰਗਤਾਂ ਨਾਲ ਦੋਆਬਾ ਜ਼ੋਨ ਵਿਚ ਚੱਲ ਰਹੇ ਪ੍ਰਚਾਰ-ਪ੍ਰਸਾਰ ਦੇ ਕਾਰਜਾਂ ਬਾਰੇ ਸਾਂਝ ਪਾਈ। ਉਨ੍ਹਾਂ ਦੱਸਿਆ ਕਿ ਅੱਜ ਹੋਏ ਅੰਮ੍ਰਿਤ ਸੰਚਾਰ ਮੌਕੇ 130 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਹੈ। ਸਮਾਗਮ ਵਿਚ ਭਾਈ ਗੁਰਬਚਨ ਸਿੰਘ ਖਾਲਸਾ ਹਜ਼ੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੇ ਕੀਰਤਨ ਦੁਆਰਾ ਹਾਜਰੀ ਭਰੀ। ਭਾਈ ਕੁਲਦੀਪ ਸਿੰਘ ਪ੍ਰਚਾਰਕ ਲੁਧਿਆਣਾ ਨੇ ਕਥਾ ਵਿਚਾਰਾਂ ਅਤੇ ਭਾਈ ਸਤਨਾਮ ਸਿੰਘ ਦਰਦੀ ਦੇ ਕਵੀਸ਼ਰੀ ਜਥੇ ਵਲੋਂ ਸੰਗਤਾਂ ਨਾਲ ਸਿੱਖ ਇਤਿਹਾਸ ਦੀ ਸਾਂਝ ਪਾਈ ਗਈ। ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲਾ, ਧਰਮ ਪ੍ਰਚਾਰ ਕਮੇਟੀ ਮੈਂਬਰ ਸ. ਪ੍ਰਿਤਪਾਲ ਸਿੰਘ ਪਾਲੀ, ਸ. ਰਵਿੰਦਰ ਸਿੰਘ ਖਾਲਸਾ ਅਮਲੋਹ ਅਤੇ ਬੀਬੀ ਰਣਜੀਤ ਕੌਰ ਮਾਹਿਲਪੁਰੀ ਵਲੋਂ ਦੋਰਾਹਾ, ਲੁਧਿਆਣਾ, ਅਮਲੋਹ, ਦਿਹਾਣਾ ਅਤੇ ਕੁਕੋਵਾਲ ਤੋਂ ਸੰਗਤਾਂ ਦੀਆਂ ਬੱਸਾਂ ਲੈ ਕੇ ਪੁੱਜੇ ਭਾਈ ਕੁਲਦੀਪ ਸਿੰਘ ਪ੍ਰਚਾਰਕ ਅਤੇ ਜਸਬੀਰ ਸਿੰਘ ਪ੍ਰਚਾਰਕ ਨੂੰ ਸਨਮਾਨਿਤ ਵੀ ਕੀਤਾ ਗਿਆ। ਸਟੇਜ ਸਕੱਤਰ ਦੀ ਸੇਵਾ ਰਸਮੀਤ ਸਿੰਘ ਨੇ ਨਿਭਾਈ। ਸਮਾਗਮ ਮੌਕੇ ਸ. ਜਸਬੀਰ ਸ਼ਿੰਘ ਮੈਨੇਜਰ, ਭਾਈ ਲਵਪ੍ਰੀਤ ਸ਼ਿੰਘ, ਭਾਈ ਭੁਪਿੰਦਰ ਸਿੰਘ ਸੂਚਨਾ ਅਫ਼ਸਰ, ਭਾਈ ਸੁਖਵਿੰਦਰ ਸਿੰਘ ਦਿਹਾਣਾ, ਭਾਈ ਪ੍ਰਭਦਿਆਲ ਸਿੰਘ ਤੇ ਭਾਈ ਪਰਮਜੀਤ ਸਿੰਘ ਆਦਿ ਹਾਜ਼ਰ ਸਨ।





ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ ਦੇ ਸਹਿਯੋਗ ਨਾਲ 16 ਮਈ ਨੂੰ ਗੁਰਦੁਆਰਾ ਸਾਹਿਬ ਪਿੰਡ ਬਲਾਹੜ ਮਹਿਮਾ (ਬਠਿੰਡਾ) ਵਿਖੇ 28 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।



ਸ਼੍ਰੋਮਣੀ ਕਮੇਟੀ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ ਦੇ ਸਹਿਯੋਗ ਨਾਲ 16 ਮਈ ਨੂੰ ਗੁਰਦੁਆਰਾ ਸਾਹਿਬ ਪਿੰਡ ਝੁੰਬਾ (ਬਠਿੰਡਾ) ਵਿਖੇ 26 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।



ਸ਼੍ਰੋਮਣੀ ਕਮੇਟੀ ਮੈਂਬਰ ਸ. ਨਿਰਮਲ ਸਿੰਘ ਦੇ ਸਹਿਯੋਗ ਨਾਲ ਪਿੰਡ ਹਰਿਆਉ ਵਿਖੇ ਦਸਤਾਰਬੰਦੀ ਮੁਕਾਬਲਾ ਕਰਵਾਇਆ ਗਿਆ।



ਧਰਮ ਪ੍ਰਚਾਰ ਲਹਿਰ ਤਹਿਤ ਮੋਹਾਲੀ ਦੇ ਪਿੰਡ ਮਟਰਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 30 ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਖਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।



ਗੁਰਦੁਆਰਾ ਸਾਹਿਬ ਹਾਜੀਰਤਨ ਬਠਿੰਡਾ ਵਿਖੇ ਹੋਏ ਅੰਮ੍ਰਿਤ ਸੰਚਾਰ ਸਮੇਂ 30 ਪ੍ਰਾਣੀ ਖੰਡੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ।



ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 27 ਮਈ ਨੂੰ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 325 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤ ਅਭਿਲਾਖੀ ਸੰਗਤਾਂ ਨਾਲ ਪੰਜ ਪਿਆਰੇ ਸਾਹਿਬਾਨ।



4 ਮਈ ਨੂੰ ਜਥੇ: ਗੁਰਤੇਜ ਸਿੰਘ ਢੱਡੇ ਅੰਤ੍ਰਿੰਗ ਮੈਬਰ ਸੰਗਤਾਂ ਦੇ ਨਾਲ ਲੰਗਰ ਸੇਵਾ ਕਰਨ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪਹੁੰਚੇ।

## ਦੁਆਬਾ ਜ਼ੋਨ ਦੇ ਵੱਖ-ਵੱਖ ਪਿੰਡਾਂ ਵਿਚ ਕਰਵਾਏ ਗਏ ਧਾਰਮਿਕ ਨਾਟਕ

ਨੂਰਪੁਰ ਬੇਦੀ, 20 ਮਈ –ਸ਼੍ਰੋਮਣੀ ਕਮੇਟੀ ਵਲੋਂ ਪਿੰਡਾਂ ਦੇ ਲੋਕਾਂ ਅਤੇ ਨੌਜਵਾਨ ਪੀੜੀ ਨੂੰ ਅਮੀਰ ਸਿੱਖ ਵਿਰਸੇ ਤੇ ਇਤਿਹਾਸ ਤੋਂ ਜਾਣੂੰ ਕਰਵਾਉਣ ਲਈ ਸ਼ੁਰੂ ਕੀਤੀ ਮੁਹਿੰਮ ਤਹਿਤ ਜਿਥੇ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ ਉਥੇ ਧਾਰਮਿਕ ਨਾਟਕਾਂ ਰਾਹੀਂ ਵੀ ਸਿੱਖ ਵਿਰਸੇ ਦੀ ਜਾਣਕਾਰੀ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਤਹਿਤ ਦੁਆਬਾ ਜ਼ੋਨ ਦੇ ਵੱਖ–ਵੱਖ ਪਿੰਡਾਂ ਵਿਚ ਸਮਾਗਮਾਂ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਧਾਰਮਿਕ ਨਾਟਕ ਵਿਚ ਤਲਵੰਡੀ ਸਾਬੋ ਦੇ ਸਿੱਖੀ ਸਰੂਪ ਨਾਲ ਸਜੇ ਜਥੇ ਦੇ ਨੌਜਵਾਨਾਂ ਨੇ ਆਪਣੀ ਪੇਸ਼ਕਾਰੀ ਨਾਲ ਸਿੱਖ ਇਤਿਹਾਸ ਦੇ ਅਹਿਮ ਪੰਨਿਆਂ ਨੂੰ ਫਰੋਲਦਿਆਂ 17ਵੀਂ ਅਤੇ 18ਵੀਂ ਸਦੀ ਦੇ ਸਿੱਖ ਇਤਿਹਾਸ ਦੀਆਂ ਘਟਨਾਵਾਂ ਨੂੰ ਬਾਖ਼ੂਬੀ ਪੇਸ਼ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਪ੍ਰਿੰ. ਸੁਰਿੰਦਰ ਸਿੰਘ ਅਤੇ ਭਾਈ ਅਮਰਜੀਤ ਸਿੰਘ ਚਾਵਲਾ, ਜਥੇ: ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਹਰਜਿੰਦਰ ਸਿੰਘ ਭਾਓਵਾਲ, ਭਾਈ ਲਵਪ੍ਰੀਤ ਸਿੰਘ, ਸ. ਅਮਰੀਕ ਸਿੰਘ ਧਨੋਆ, ਸ. ਰਾਜਿੰਦਰ ਧਨੋਆ, ਸ. ਦਰਸ਼ਨ ਸਿੰਘ, ਸ. ਕਰਨੈਲ ਸਿੰਘ, ਸ. ਅਮਰਜੀਤ ਧਨੋਆ, ਸ. ਕਰਮਜੀਤ ਸਿੰਘ, ਸ. ਚਰਨ ਸਿੰਘ, ਸ. ਭਜਨ ਸਿੰਘ ਛੋਕਰ, ਸ. ਜੋਗਿੰਦਰ ਦਿਆਲ, ਮਾ. ਬਲਵਿੰਦਰ ਸਿੰਘ, ਸ. ਅਜਮੇਰ ਸਿੰਘ, ਸ. ਹਰਪ੍ਰਭ ਸਿੰਘ ਮਿੱਠਾ, ਸ. ਚੂਹੜ ਸਿੰਘ, ਸ. ਹਜ਼ੂਰਾ ਸਿੰਘ ਪੈਲੀ, ਸਰਪੰਚ ਦਰਬਾਰਾ ਸਿੰਘ, ਸ. ਬਲਿਹਾਰ ਸਿੰਘ, ਸ. ਭਜਨ ਸਿੰਘ, ਸ. ਇੰਦਰਜੀਤ ਸਿੰਘ ਆਦਿ ਹਾਜ਼ਰ ਸਨ।







# ਧਰਮ ਪ੍ਰਚਾਰ ਕਮੇਟੀ ਵੱਲੋਂ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਕੀਤੀ ਜਾ ਰਹੀ ਹੈ ਸਕੂਲਾਂ ਤਕ ਪਹੁੰਚ




ਸਰਕਾਰੀ ਸੀਨੀ: ਸੈਕੰ: ਸਕੂਲ ਪਿੰਡ ਗਹੋਤ ਪੋਕਰ ਵਿਖੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਗਿਆਨੀ ਜਸਵਿੰਦਰ ਸਿੰਘ ਸ਼ਹੂਰ ਪ੍ਰਚਾਰਕ



ਹਲਕਾ ਫਿਲੌਰ ਦੇ ਪਿੰਡ ਸ਼ਾਹਪੁਰ ਵਿਖੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ ਅਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਇਨਾਮ ਵੰਡੇ ਗਏ।



ਪਿੰਡ ਜਵਾਹਰ ਸਿੰਘ ਵਾਲਾ ਜ਼ਿਲ੍ਹਾ ਮੋਗਾ ਵਿਖੇ ਸਰਕਾਰੀ ਮਿਡਲ ਸਕੂਲ ਦੇ ਵਿਦਿਆਰਥੀਆਂ ਨੂੰ ਸਿੱਖੀ ਦੀ ਜਾਣਕਾਰੀ ਦਿੰਦੇ ਹੋਏ ਭਾਈ ਸੁਖਵੰਤ ਸਿੰਘ ਸਭਰਾ



ਗੁਰੂ ਰਾਮਦਾਸ ਪਬਲਿਕ ਕੌਨਵੈਂਟ ਸਕੂਲ ਪਿੰਡ ਪੱਤੋ ਹੀਰਾ ਸਿੰਘ ਦੇ ਵਿਦਿਆਰਥੀਆਂ ਨੂੰ ਕੇਸਾਂ ਦੀ ਮਹਾਨਤਾ ਅਤੇ ਸਿੱਖੀ ਸਿਧਾਂਤਾਂ ਬਾਰੇ ਜਾਣੂੰ ਕਰਵਾਉਂਦੇ ਹੋਏ ਭਾਈ ਸੁਖਵੰਤ ਸਿੰਘ ਸਭਰਾ



ਸ਼੍ਰੋਮਣੀ ਕਮੇਟੀ ਹਲਕਾ ਪਠਾਨਕੋਟ ਵਿਖੇ ਛੋਟੇ-ਛੋਟੇ ਸਕੂਲੀ ਵਿਦਿਆਰਥੀਆਂ ਨੂੰ ਸਿੱਖੀ ਦੀ ਫੁੱਲਵਾੜੀ ਨਾਲ ਜੋੜਦੇ ਹੋਏ ਪ੍ਰਚਾਰਕ ਭਾਈ ਅਮਰੀਕ ਸਿੰਘ ਚਿੱਟੀ।



ਬਾਬਾ ਦੀਪ ਸਿੰਘ ਸੀਨੀ:ਸੈਕੰ: ਸਕੂਲ ਚਾਟੀਵਿੰਡ (ਅੰਮ੍ਰਿਤਸਰ) ਵਿਖੇ ਛੋਟੇ ਬੱਚਿਆਂ ਨੂੰ ਸਿੱਖੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ



ਸਿੱਖ ਨੈਸ਼ਨਲ ਕਾਲਜ ਕਾਦੀਆਂ ਵਿਖੇ ਵਿਦਿਆਰਥੀਆਂ ਨੂੰ ਸਿੱਖ ਫਲਸਫੇ ਤੋਂ ਜਾਣੂੰ ਕਰਵਾਉਂਦੇ ਹੋਏ ਭਾਈ ਮਨਜੀਤ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ।



ਖਾਲਸਾ ਹਾਈ ਸਕੂਲ ਵਿਖੇ ਵਿਦਿਆਰਥਣਾਂ ਨੂੰ ਸਿੱਖੀ ਸਿਧਾਂਤਾਂ ਦੀ ਜਾਣਕਾਰੀ ਦਿੰਦੇ ਹੋਏ ਭਾਈ ਲਖਵੀਰ ਸਿੰਘ ਪ੍ਰਚਾਰਕ



ਸੰਤ ਬਾਬਾ ਭੂਰੀ ਵਾਲੇ ਪਬਲਿਕ ਸੀਨੀ:ਸੈਕੰ: ਸਕੂਲ ਗੁਰਦੁਆਰ ਖੂਹ ਭਾਈ ਮੰਝ ਜੀ ਸੁਲਤਾਨਵਿੰਡ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਵੱਲੋਂ ਬੱਚਿਆਂ ਨੂੰ ਸਿੱਖੀ ਦੀ ਜਾਣਕਾਰੀ ਦਿੱਤੀ ਗਈ।



ਸਰਕਾਰੀ ਸੀਨੀ:ਸੈਕੰ: ਸਕੂਲ ਸੁਲਤਾਨਵਿੰਡ ਵਿਖੇ ਭਾਈ ਜਗਦੇਵ ਸਿੰਘ ਬੱਚੀਆਂ ਨੂੰ ਗੁਰ ਇਤਿਹਾਸ ਦੀ ਜਾਣਕਾਰੀ ਦਿੰਦੇ ਹੋਏ।

# ਸੰਗਰੂਰ ਜ਼ਿਲ੍ਹੇ ਦੇ ਪਿੰਡ ਕੁੰਨਰਾਂ ਵਿਖੇ ਦੋ ਤੋਂ ਹੋਇਆ ਇੱਕ ਗੁਰਦੁਆਰਾ



ਲੌਂਗੋਵਾਲ, 3 ਮਈ – ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਪੰਥਕ ਏਕਤਾ ਅਤੇ ਪਿੰਡਾਂ ਵਿਚ ਆਪਸੀ ਸਾਂਝ ਵਧਾਉਣ ਲਈ ਵਿੱਢੀ ਗਈ 'ਇਕ ਪਿੰਡ ਇਕ ਗੁਰਦੁਆਰਾ' ਮੁਹਿੰਮ ਤਹਿਤ ਨੇੜਲੇ ਪਿੰਡ ਕੁੰਨਰਾਂ ਵਾਸੀਆਂ ਵਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲਾਗੋਵਾਲ ਦੀ ਪ੍ਰੇਰਨਾ ਨਾਲ ਪਿੰਡ 'ਚ ਦੋ ਤੋਂ ਇੱਕ ਗੁਰਦੁਆਰਾ ਸਾਹਿਬ ਕੀਤਾ ਗਿਆ ਹੈ। ਇਸ ਸੰਬੰਧੀ ਅੱਜ ਪਿੰਡ ਕੁੰਨਰਾਂ ਦੇ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸਮਾਰੋਹ ਵਿਚ ਸ਼ਮੂਲੀਅਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲਾਗੋਵਾਲ ਨੇ ਇਸ ਕਾਰਜ ਦੀ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਵਾਸੀਆਂ ਨੇ ਸਿੱਖੀ ਸਿਧਾਂਤਾਂ ਅਨੁਸਾਰ ਜਾਤ ਪਾਤ, ਭੇਦ ਭਾਵ ਅਤੇ ਧੜੇਬੰਦੀਆਂ ਤੋਂ ਉੱਪਰ ਉੱਠ ਕੇ ਆਪਸੀ ਰਾਇ ਅਨੁਸਾਰ ਪਿੰਡ ਵਿਚ ਦੋ ਗੁਰਦੁਆਰਾ ਸਾਹਿਬਾਨ ਦੀ ਥਾਂ 'ਤੇ ਇੱਕ ਗੁਰਦੁਆਰਾ ਸਾਹਿਬ ਰੱਖਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਨੇ ਹਰੇਕ ਵਰਗ ਨਾਲ ਸੰਬੰਧਿਤ ਮੈਂਬਰਾਂ ਦੀ ਪ੍ਰਬੰਧਕ ਕਮੇਟੀ ਦਾ ਗਠਨ ਕਰਨ ਪਿੱਛੋਂ ਰਲ ਮਿਲ ਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਚਲਾਉਣ ਦਾ ਫ਼ੈਸਲਾ ਲਿਆ ਹੈ। ਭਾਈ ਲਾਗੋਵਾਲ ਨੇ ਪਿੰਡ ਵਾਸੀਆਂ ਦੀ ਮੰਗ ਅਨੁਸਾਰ ਲਾਇਬਰੇਰੀ ਲਈ ਕਿਤਾਬਾਂ ਭੇਜਣ ਦਾ ਐਲਾਨ ਵੀ ਕੀਤਾ। ਗੁਰਦੁਆਰਾ ਸਾਹਿਬ ਦੀ ਖ਼ਾਲੀ ਹੋਈ ਇਮਾਰਤ ਸੰਬੰਧੀ ਭਾਈ ਲਾਗੋਵਾਲ ਨੇ ਕਿਹਾ ਕਿ ਇਸ ਸੰਬੰਧੀ ਪਿੰਡ ਵਾਸੀ ਜੋ ਵੀ ਫ਼ੈਸਲਾ ਲੈਣਗੇ ਉਸ ਵਿਚ ਸ਼੍ਰੋਮਣੀ ਕਮੇਟੀ ਵਲੋਂ ਪੂਰਨ ਸਹਿਯੋਗ ਦਿੱਤਾ ਜਾਵੇਗਾ।

ਇਸ ਮੌਕੇ ਪਿੰਡ ਕੁੰਨਰਾਂ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਵਤਾਰ ਸਿੰਘ, ਖ਼ਜ਼ਾਨਚੀ ਸੁਖਦੇਵ ਸਿੰਘ, ਸੈਕਟਰੀ ਮਾਸਟਰ ਰੁਲਦੂ ਸਿੰਘ, ਮੈਂਬਰਾਨ ਗਿਆਨ ਸਿੰਘ, ਅਮਰਜੀਤ ਸਿੰਘ, ਮੇਵਾ ਸਿੰਘ, ਗੁਰਮੇਲ ਸਿੰਘ, ਗੁਰਵਿੰਦਰ ਸਿੰਘ, ਨਿੱਕਾ ਸਿੰਘ ਅਤੇ ਹੈੱਡ ਗ੍ਰੰਥੀ ਭਾਈ ਗੁਰਸੇਵਕ ਸਿੰਘ ਵੱਲੋਂ ਭਾਈ ਲੌਂਗੋਵਾਲ, ਜਥੇਦਾਰ ਉਦੇ ਸਿੰਘ ਲੌਂਗੋਵਾਲ, ਸ਼੍ਰੋਮਣੀ ਕਮੇਟੀ ਮੈਂਬਰ ਮਲਕੀਤ ਸਿੰਘ ਚੰਗਾਲ, ਕਾਕਾ ਨਵਇੰਦਰ ਸਿੰਘ ਲੌਂਗੋਵਾਲ, ਮੈਨੇਜਰ ਭੁਪਿੰਦਰ ਸਿੰਘ ਜੋਸ਼ੀ, ਦਰਸ਼ਨ ਸਿੰਘ ਪੀ.ਏ. ਅਤੇ ਤਰਸੇਮ ਸਿੰਘ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਮੁਲਖਾ ਸਿੰਘ ਸਾਬਕਾ ਸਰਪੰਚ, ਸਰਪੰਚ ਲਖਵੀਰ ਸਿੰਘ, ਗੁਰਪਾਲ ਸਿੰਘ ਬੜਿੰਗ, ਜਸਵਿੰਦਰ ਸਿੰਘ ਲਿਬੜਾ, ਸ਼ੇਰ ਸਿੰਘ ਖੰਨਾ, ਅਮਰਜੀਤ ਸਿੰਘ ਪੀ.ਏ., ਮਨਜੀਤ ਸਿੰਘ ਅਕਾਉਟੈਂਟ, ਨਿਰਮਲ ਸਿੰਘ ਅਤੇ ਪਿੰਡ ਵਾਸੀ ਹਾਜ਼ਰ ਸਨ।

# ਇੱਕ ਪਿੰਡ ਇੱਕ ਗੁਰਦੁਆਰਾ ਮੁਹਿੰਮ ਤਹਿਤ ਕਾਦਰਾਬਾਦ ਵਿਖੇ ਦੋ ਤੋਂ ਬਣਿਆ ਇੱਕ ਗੁਰਦੁਆਰਾ

## ਇੱਕ ਗੁਰਦੁਆਰਾ ਸਾਹਿਬ ਕਰਨ ਲਈ ਪਿੰਡ ਦੀ ਸਮੁੱਚੀ ਸੰਗਤ ਨੂੰ ਵਧਾਈ -ਭਗਵੰਤ ਸਿੰਘ ਸਿਆਲਕਾ



ਜੈਂਤੀਪੁਰ, 24 ਮਈ – ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਤਹਿਤ ਧਰਮ ਪ੍ਰਚਾਰ ਕਮੇਟੀ ਵਲੋਂ ਗੁਰੂ ਸਾਹਿਬਾਨਾਂ ਦੇ ਸਿਧਾਂਤਾਂ ਦੇ ਉਲਟ ਜਾਤਾਂ, ਗੋਤਾਂ ਤੇ ਬਰਾਦਰੀ ਦੇ ਨਾਮ ਤੇ ਬਣੇ ਗੁਰਦੁਆਰਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਸ਼ੁਰੂ ਕੀਤੀ ਇਕ ਪਿੰਡ ਇਕ ਗੁਰਦੁਆਰਾ ਮੁਹਿੰਮ ਤਹਿਤ ਹਲਕਾ ਮਜੀਠਾ ਦੇ ਪਿੰਡ ਕਾਦਰਾਬਾਦ ਖੁਰਦ ਵਿਖੇ ਦੋਂ ਤੋਂ ਇਕ ਗੁਰਦੁਆਰਾ ਸਾਹਿਬ ਕੀਤਾ ਗਿਆ। ਪਿੰਡ ਦੇ ਪਤਵੰਤਿਆਂ ਡਾ. ਬਲਦੇਵ ਸਿੰਘ, ਸਰਪੰਚ ਗੁਰਮੀਤ ਸਿੰਘ, ਗੁਰਮੁੱਖ ਸਿੰਘ, ਬਖਸ਼ੀਸ਼ ਸਿੰਘ, ਸਵਿੰਦਰ ਸਿੰਘ ਦੇ ਸਾਂਝੇ ਯਤਨਾਂ ਸਦਕਾ ਪਿੰਡ ਦੀ ਸਮੂਹ ਸੰਗਤ ਵਲੋਂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਪਿੰਡ ਦੀ ਏਕਤਾ ਤੇ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਲਈ ਇਹ ਉਪਰਾਲਾ ਕੀਤਾ ਗਿਆ। ਇਸ ਸਬੰਧੀ ਕਰਵਾਏ ਗਏ ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਉਚੇਚੇ ਤੌਰ ਤੇ ਪਹੁੰਚੇ। ਉਨ੍ਹਾਂ ਨੇ ਇਸ ਕਾਰਜ਼ ਲਈ ਪਿੰਡ ਦੀ ਸਮੁੱਚੀ ਸੰਗਤ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਾਨੂੰ ਜਾਤਾਂ-ਪਾਤਾਂ ਦੇ ਵਖਰੇਵੇਂ ਦੂਰ ਕਰਨ ਦੀ ਪ੍ਰੇਰਨਾ ਕੀਤੀ ਹੈ, ਪਰ ਅੱਜ ਅਸੀਂ ਜਾਤਾਂ ਦੇ ਅਧਾਰ ਤੇ ਗੁਰਦੁਆਰਾ ਸਾਹਿਬਾਨ ਵੀ ਵੰਡ ਲਏ ਹਨ। ਉਨ੍ਹਾਂ ਕਿਹਾ ਕਿ ਇਸ ਵਰਤਾਰੇ ਨੂੰ ਰੋਕਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਅਰੰਭੀ ਗਈ 'ਇਕ ਪਿੰਡ ਇਕ ਗੁਰਦੁਆਰਾ' ਮੁਹਿੰਮ ਨੂੰ ਭਾਰੀ ਹੁੰਗਾਰਾ ਮਿਲ ਰਿਹਾ ਹੈ।

ਇਸ ਮੌਕੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਅਦਰਾਸ ਬੇਨਤੀ ਕਰਕੇ ਪੰਜਾਂ ਪਿਆਰਿਆਂ ਦੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਪਿੰਡ ਦੇ ਵੱਡਾ ਗੁਰਦੁਆਰਾ ਸਾਹਿਬ ਵਿਖੇ ਗੁਰ ਮਰਿਆਦਾ ਅਨੁਸਾਰ ਸੁਸ਼ੋਭਿਤ ਕਰ ਦਿੱਤੇ ਗਏ। ਇਸ ਮੌਕੇ ਗੁਰਦੁਆਰਾ ਇਕ ਕਰਨ ਵਾਲੇ ਪਹੁੰਚੇ ਸੱਜਣਾਂ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ।

ਇਸ ਮੌਕੇ ਸ. ਹਰਵਿੰਦਰ ਸਿੰਘ ਰੂਪੋਵਾਲੀ, ਸ. ਹਰਜੀਤ ਸਿੰਘ ਭੋਆ, ਸਰਪੰਚ ਬਲਵਿੰਦਰ ਸਿੰਘ ਸਿਆਲਕਾ, ਭਾਈ ਸੁਰਜੀਤ ਸਿੰਘ ਸਭਰਾ ਪ੍ਰਚਾਰਕ, ਭਾਈ ਨਰਿੰਦਰ ਸਿੰਘ ਬੋਹਾ ਕਵੀਸ਼ਰ, ਕਥਾਵਾਚਕ ਦਿਲਬਾਗ ਸਿੰਘ ਭੰਗਾਲੀ ਤੇ ਹੋਰ ਧਾਰਮਿਕ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਪਹੁੰਚੀਆਂ।

# ਮਲੇਰਕੋਟਲਾ ਵਿਖੇ ਧਾਰਮਿਕ ਸਮਾਗਮ ਕਰਵਾਏ



ਮਲੇਰਕੋਟਲਾ 8 ਅਪ੍ਰੈਲ- ਸਥਾਨਕ ਗੁਰਦੁਆਰਾ ਸਾਹਿਬ ਸਿੰਘ ਸਭਾ ਵਿਖੇ ਪ੍ਰਬੰਧਕ ਕਮੇਟੀ ਵਲੋਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜੈਪਾਲ ਸਿੰਘ ਮੰਡੀਆਂ ਦੀ ਅਗਵਾਈ ਹੇਠ ਤਿੰਨ ਦਿਨਾਂ ਗੁਰਮਤਿ ਸਮਾਗਮ ਕਰਵਾਏ ਗਏ। ਇਸ ਸਮੇਂ ਜਿੱਥੇ ਸੈਂਕੜੇ ਸਿੱਖ ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਈਆਂ, ਉੱਥੇ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਤੇ ਪ੍ਰਚਾਰਕਾਂ ਵਲੋਂ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਿਆਦਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ। ਸੰਗਤਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਜੈਪਾਲ ਸਿੰਘ ਮੰਡੀਆਂ ਨੇ ਜਿੱਥੇ ਪ੍ਰਬੰਧਕਾਂ ਦੇ ਇਸ ਗੁਰਸਿੱਖੀ ਪ੍ਰਚਾਰ ਉਪਰਾਲੇ ਦੀ ਸ਼ਲਾਘਾ ਕੀਤੀ, ਉੱਥੇ ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਕੁਰਬਾਨੀਆਂ ਭਰੇ ਸਿੱਖ ਇਤਿਹਾਸ ਬਾਰੇ ਜਾਣੂ ਕਰਵਾ ਕੇ ਗੁਰਸਿੱਖੀ ਜੀਵਨ ਜਾਚ ਨਾਲ ਜੋੜਨ। ਇਸ ਤੋਂ ਪਹਿਲਾਂ ਰਾਗੀ ਅਜੀਤ ਸਿੰਘ ਸ੍ਰੀ ਅਨੰਦਪੁਰ ਸਾਹਿਬ, ਭਾਈ ਗੁਰਤੇਜ ਸਿੰਘ ਢੀਂਡਸਾ ਪ੍ਰਚਾਰਕ, ਸੰਤ ਬਾਬਾ ਮਨਪ੍ਰੀਤ ਸਿੰਘ ਖ਼ਾਲਸਾ ਅਲੀਪੁਰ ਵਾਲੇ, ਹਜ਼ੂਰੀ ਰਾਗੀ ਭਾਈ ਦਇਆ ਸਿੰਘ, ਭਾਈ ਰਜਿੰਦਰ ਸਿੰਘ ਕਰਤਾਰਪੁਰ ਵਾਲੇ ਅਤੇ ਸੰਤ ਬਾਬਾ ਜੈਵਿੰਦਰ ਸਿੰਘ ਮੁੱਖ ਸੇਵਾਦਾਰ ਜਨਮ ਅਸਥਾਨ ਚੀਮਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਜਗਦੀਸ਼ ਸਿੰਘ ਘੁੰਮਣ ਨੇ ਪਹੁੰਚੀਆਂ ਸ਼ਖ਼ਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ। ਸਮਾਗਮ ਵਿਚ ਸਰਪੰਚ ਸ. ਕੁਲਜਿੰਦਰ ਸਿੰਘ ਬੂੰਗਾ, ਸ. ਲਖਵੀਰ ਸਿੰਘ ਸਰਵਰਪੁਰ, ਸ. ਮਹਿੰਦਰ ਸਿੰਘ ਨਾਰੀਕੇ, ਸ. ਸਪਿੰਦਰ ਸਿੰਘ, ਸ. ਗੁਰਦੇਵ ਸਿੰਘ ਬੂੰਗਾ, ਸ. ਹਰਜਿੰਦਰ ਸਿੰਘ ਭਸੌੜ, ਸ. ਗੁਰਪਰੀਤ ਸਿੰਘ ਢੱਡੇਵਾੜੀ, ਸ. ਜਰਨੈਲ ਸਿੰਘ ਫਰਵਾਲੀ, ਸ. ਜੁਗਰਾਜ ਸਿੰਘ ਸਲਾਰ, ਸ. ਸਤਨਾਮ ਸਿੰਘ ਮੈਨੇਜਰ, ਸ. ਮੁਕੰਦ ਸਿੰਘ ਸੰਗਾਲਾ, ਸ. ਤਰਸੇਮ ਸਿੰਘ ਨਾਰੋਮਾਜਰਾ, ਸ. ਅਮਰੀਕ ਸਿੰਘ ਬਜਾਜ, ਸ. ਮੱਘਰ ਸਿੰਘ ਨਾਰੀਕੇ, ਸ. ਗੁਰਦੀਪ ਸਿੰਘ ਧਾਲੀਵਾਲ ਅਤੇ ਸ. ਤਾਰਾ ਸਿੰਘ ਨਾਰੀਕੇ ਸਮੇਤ ਇਲਾਕੇ ਦੀਆਂ ਸੈਂਕੜੇ ਸਿੱਖ ਸ਼ਖਸੀਅਤਾਂ ਸ਼ਾਮਿਲ ਹੋਈਆਂ।



# ਹਿਮਾਚਲ ਦੇ ਪਿੰਡ ਨਾਰਗ ਬੜੂਥ ਵਿਖੇ ਬਣਾਇਆ ਜਾਵੇਗਾ ਗੁਰਦੁਆਰਾ ਸਾਹਿਬ-ਭਾਈ ਲੌਂਗੋਵਾਲ

## ਸਥਾਨਕ ਪਿੰਡ 'ਚ ਗੁਰਮਤਿ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੀਤਾ ਐਲਾਨ

ਅੰਮ੍ਰਿਤਸਰ, 13 ਮਈ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਸਿਰਮੌਰ ਵਿਚ ਪੈਂਦੇ ਪਿੰਡ ਨਾਰਗ ਬੜੂਥ ਵਿਖੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਲਈ ਗੁਰਦੁਆਰਾ ਸਾਹਿਬ ਬਣਾ ਕੇ ਦੇਵੇਗੀ। ਇਹ ਐਲਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਹਿਮਾਚਲ ਪ੍ਰਦੇਸ਼ ਦੇ ਇਸ ਪਿੰਡ ਵਿਖੇ ਬਾਬਾ ਇਕਬਾਲ ਸਿੰਘ ਬੜੂ ਸਾਹਿਬ ਦੇ ਯਤਨਾਂ ਨਾਲ ਕਰਵਾਏ ਗਏ ਇਕ ਗੁਰਮਤਿ ਸਮਾਗਮ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਭਾਈ ਲੌਂਗੋਵਾਲ ਨੇ ਪਿੰਡ ਵਾਸੀਆਂ ਦੀ ਮੰਗ ਤੋਂ ਬਾਅਦ ਇਹ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਪਿੰਡ ਵਿਚ ਗੁਰਦੁਆਰਾ ਸਾਹਿਬ ਬਣਾ ਕੇ ਦੇਵੇਗੀ, ਤਾਂ ਜੋ ਸੰਗਤਾਂ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਗੁਰਮਤਿ ਨਾਲ ਜੁੜ ਸਕਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਹੈ ਅਤੇ ਇਸ ਵੱਲੋਂ ਪੰਜਾਬ ਦੇ ਨਾਲ-ਨਾਲ ਦੇਸ਼ ਦੇ ਵੱਖ-ਵੱਖ ਸੂਬਿਆਂ ਅੰਦਰ ਧਰਮ ਪ੍ਰਚਾਰ ਕਾਰਜ ਕੀਤੇ ਜਾ ਰਹੇ ਹਨ। ਇਸੇ ਤਹਿਤ ਦੇਸ਼ ਭਰ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਕੇਂਦਰ (ਸਿੱਖ ਮਿਸ਼ਨ) ਬਣਾਏ ਗਏ ਹਨ, ਜਿਨ੍ਹਾਂ 'ਚੋਂ ਇਕ ਹਿਮਾਚਲ ਪ੍ਰਦੇਸ਼ ਵਿਖੇ ਵੀ ਕਾਰਜਸ਼ੀਲ ਹੈ। ਉਨ੍ਹਾਂ ਇਹ ਵੀ ਕਿਹਾ ਕਿ ਭਵਿੱਖ ਵਿਚ ਇਥੇ ਸਥਿਤ ਸਿੱਖ ਮਿਸ਼ਨ ਨੂੰ ਹੋਰ ਮਜ਼ਬੂਤ ਕਰਦਿਆਂ ਹਿਮਾਚਲ ਪ੍ਰਦੇਸ਼ ਸੂਬੇ ਵਿਚ ਧਰਮ ਪ੍ਰਚਾਰਕਾਂ ਤੇ ਢਾਡੀ ਕਵੀਸ਼ਰ ਜਥਿਆਂ ਦੀ ਗਿਣਤੀ ਵਿਚ ਵੀ ਵਾਧਾ ਕੀਤਾ ਜਾਵੇਗਾ।

ਇਸ ਦੌਰਾਨ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਇਆ, ਜਿਸ ਵਿਚ ਵੱਡੀ ਗਿਣਤੀ ਸੰਗਤਾਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਪਾਨ ਕੀਤਾ। ਸਮਾਗਮ ਸਮੇਂ ਪਿੰਡ ਵਾਸੀਆਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪਿੰਡ ਵਿਚ ਗੁਰਦੁਆਰਾ ਸਾਹਿਬ ਬਣਾਉਣ ਦੇ ਐਲਾਨ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਭਾਈ ਲੌਂਗੋਵਾਲ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਸਮੇਂ ਬਾਬਾ ਜਗਜੀਤ ਸਿੰਘ ਕਾਕਾ ਜੀ ਬੜੂ ਸਾਹਿਬ, ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਉਦੈ ਸਿੰਘ ਲੌਂਗੋਵਾਲ, ਸ. ਸੁਨੀਦ ਦੱਤ ਸਿੰਘ, ਸ. ਜਗਤ ਸਿੰਘ, ਸ. ਮੋਹਨ ਸਿੰਘ, ਸ. ਦਰਸ਼ਨ ਸਿੰਘ ਪੀ.ਏ., ਸ. ਐਚ.ਐਸ. ਧਾਲੀਵਾਲ ਵਾਈਸ ਚਾਸਲਰ, ਡਾ. ਦਵਿੰਦਰ ਸਿੰਘ ਚੀਮਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਰਾਮਪੁਰਾ ਜਵਾਹਰਵਾਲਾ ਵਿਖੇ 10 ਰੋਜ਼ਾ ਦਸਤਾਰ ਸਿਖਲਾਈ ਤੇ ਗੁਰਬਾਣੀ ਸੰਥਿਆ ਕੈਂਪ ਲਗਾਇਆ



ਲਹਿਰਾਗਾਗਾ, 22 ਮਈ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਪਿੰਡ ਰਾਮਪੁਰਾ ਜਵਾਹਰਵਾਲਾ ਦੇ ਸ੍ਰੀ ਗੁਰਦੁਆਰਾ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਦੀ ਦੇਖ-ਰੇਖ ਹੇਠ 10 ਰੋਜ਼ਾ ਦਸਤਾਰ ਸਿਖਲਾਈ ਅਤੇ ਗੁਰਬਾਣੀ ਸੰਥਿਆ ਕੈਂਪ ਲਗਾਇਆ ਗਿਆ, ਜਿਸ 'ਚ 55 ਬੱਚਿਆਂ ਨੂੰ ਦਸਤਾਰ ਦੀ ਸਿਖਲਾਈ ਤੇ ਗੁਰਬਾਣੀ ਦੀ ਸੰਥਿਆ ਦਿੱਤੀ ਗਈ। ਭਾਈ ਅਮਰਜੀਤ ਸਿੰਘ ਨਵਾਂਗਾਓ ਨੇ ਦਸਤਾਰ ਕੋਚ ਅਤੇ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਬਤੌਰ ਪ੍ਰਚਾਰਕ 10 ਦਿਨ ਆਪਣੀ ਜ਼ਿੰਮੇਵਾਰੀ ਨਿਭਾਈ। ਇਸ ਮੌਕੇ ਜਥੇਦਾਰ ਬਹਿਣੀਵਾਲ ਨੇ ਕਿਹਾ ਕਿ ਉਹ ਗੁਰੂ ਘਰ ਆਉਣ ਲੱਗੇ ਆਪਣੇ ਬੱਚਿਆਂ ਨੂੰ ਨਾਲ ਲੈ ਕੇ ਆਉਣ ਤਾਂ ਹੀ ਉਨ੍ਹਾਂ ਨੂੰ ਸੰਗਤ ਵਿਚ ਬੈਠਣ ਅਤੇ ਬਾਣੀ ਨਾਲ ਜੁੜਨ ਦੀ ਪ੍ਰੇਰਨਾ ਮਿਲੇਗੀ। ਉਨ੍ਹਾਂ ਕਿਹਾ ਕਿ ਅੱਜ ਬੱਚਿਆਂ ਨੂੰ ਸਹੀ ਸੇਧ ਦੇਣਾ ਸਾਡਾ ਫ਼ਰਜ਼ ਹੈ ਤਾਂ ਹੀ ਅਸੀਂ ਆਪਣੇ ਬੱਚਿਆਂ ਨੂੰ ਮਾੜੀ ਸੰਗਤ ਵਿਚ ਜਾਣ ਤੋਂ ਬਚਾ ਸਕਦੇ ਹਾਂ। ਉਨ੍ਹਾਂ ਸੰਗਤਾਂ ਨੂੰ ਆਪਣੇ ਧਰਮ ਦੀ ਮਰਿਆਦਾ ਦੀ ਪਾਲਣਾ ਕਰਨ ਅਤੇ ਦੂਸਰੇ ਧਰਮਾਂ ਦਾ ਸਨਮਾਨ ਕਰਨ ਲਈ ਪ੍ਰੇਰਿਤ ਕੀਤਾ। ਕੈਂਪ ਦੇ ਅਖੀਰਲੇ ਦਿਨ ਦਸਤਾਰ ਤੇ ਗੁਰਬਾਣੀ ਸੰਥਿਆ ਦੇ ਮੁਕਾਬਲੇ ਕਰਵਾਏ ਗਏ, ਜਿਸ 'ਚ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਦਸਤਾਰ ਮੁਕਾਬਲੇ 'ਚ ਗੁਰਪ੍ਰੀਤ ਸਿੰਘ ਨੇ ਪਹਿਲਾ, ਸੈਂਟੀ ਸਿੰਘ ਨੇ ਦੂਸਰਾ ਅਤੇ ਕਮਲਦੀਪ ਸਿੰਘ ਨੇ ਤੀਸਰਾ, ਲੜਕੀਆਂ ਦੇ ਦੁਮਾਲੇ ਮੁਕਾਬਲਿਆਂ ਵਿਚ ਮਗਨਿੰਦਰ ਕੌਰ ਨੇ ਪਹਿਲਾ, ਰਾਜਵੀਰ ਕੌਰ ਨੇ ਦੂਸਰਾ ਅਤੇ ਹਰਸ਼ਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਗੁਰਬਾਣੀ ਕੰਠ ਮੁਕਾਬਲੇ ’ਚ ਲੜਕੀਆਂ ਵਿਚੋਂ ਮਨਜੀਤ ਕੌਰ ਨੇ ਪਹਿਲਾ, ਅਵਨੀਤ ਕੌਰ ਨੇ ਦੂਸਰਾ ਅਤੇ ਸੁਖਪ੍ਰੀਤ ਕੌਰ ਨੇ ਤੀਸਰਾ, ਲੜਕਿਆਂ ਦੇ ਮੁਕਾਬਲਿਆਂ ਵਿਚ ਦਵਿੰਦਰ ਸਿੰਘ ਨੇ ਪਹਿਲਾ, ਅਕਾਸ਼ਦੀਪ ਨੇ ਦੂਸਰਾ ਅਤੇ ਗੁਰਪ੍ਰੀਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

# ਅਜਨਾਲਾ ਦੇ ਪਿੰਡ ਖਾਨੋਵਾਲ ’ਚ ਬੱਚਿਆ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਅਜਨਾਲਾ 25 ਮਈ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੋਮਣੀ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਦੇ ਸਹਿਯੋਗ ਨਾਲ ਹਲਕਾ ਅਜਨਾਲਾ ਦੇ ਪਿੰਡ ਖਾਨੋਵਾਲ ਵਿਖੇ ਬੱਚਿਆ ਦਾ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਵੱਲੋ ਬੱਚਿਆ ਨੂੰ ਗੁਰ ਇਤਿਹਾਸ, ਗੁਰਬਾਣੀ ਅਤੇ ਸਿੱਖ ਰਹਿਤ ਮਰਿਯਾਦਾ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ। ਕੈਂਪ ਦੀ ਸਮਾਪਤੀ ਤੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਸ ਵਿਚੋਂ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆ ਨੂੰ ਸ੍ਰੋਮਣੀ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ, ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ ਅਤੇ ਸ. ਜੋਰਾਵਰ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ ਵਲੋ ਸ਼ੀਲਡਾਂ, ਮੈਡਲ, ਸਰਟੀਫਿਕੇਟ ਅਤੇ ਫਰੀ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸ਼੍ਰੋਮਣੀ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ, ਨੇ ਬੋਲਦਿਆਂ ਕਿਹਾ ਕਿ ਬੱਚਿਆਂ ਵਿਚ ਫੇਲੈ ਹੋਏ ਪਤਿਤਪੁਣੇ ਨੂੰ ਰੋਕਣ ਲਈ ਸ਼੍ਰੋਮਣੀ ਕਮੇਟੀ ਵਲੋ ਅਜਿਹੇ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਮਾਤਾ ਪਿਤਾ ਦਾ ਵੀ ਫਰਜ ਬਣਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਮਹਾਨ ਸ਼ਹੀਦਾਂ ਬਾਰੇ ਜਾਣਕਾਰੀ ਦੇਣ। ਪਿੰਡ ਦੇ ਸਰਪੰਚ ਹਰਦੇਵ ਸਿੰਘ ਅਤੇ ਗ੍ਰੰਥੀ ਸਰਬਜੀਤ ਸਿੰਘ ਵੱਲੋ ਆਈਆਂ ਹੋਈਆਂ ਸਾਰੀਆਂ ਸਾਰੀਆਂ ਸਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਇਸ ਵਿਸ਼ੇਸ਼ ਕਾਰਜ ਲਈ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਗੁਰਮੇਜ ਸਿੰਘ ਬੀ. ਏ., ਮੈਨੇਜਰ ਸ. ਹਰਜਿੰਦਰ ਸਿੰਘ, ਸ. ਗੁਰਮਿੰਦਰ ਸਿੰਘ, ਬਾਬਾ ਵਿਰਸਾ ਸਿੰਘ, ਸ. ਮੰਗਲ ਸਿੰਘ ਨਿੱਝਰ, ਸਰਪੰਚ ਸ. ਹਰਦੇਵ ਸਿੰਘ, ਗ੍ਰੰਥੀ ਸਰਬਜੀਤ ਸਿੰਘ ਤੋਂ ਇਲਾਵਾ ਗੁਰੂ ਕੀ ਸੰਗਤ ਹਾਜ਼ਰ ਸੀ।

## ਸ੍ਰੀ ਦਰਬਾਰ ਸਾਹਿਬ ਵਿਖੇ ਪਾਰਕਾਂ ਦੇ ਸੁੰਦਰੀਕਰਨ ਲਈ ਅਹਿਮਦਾਬਾਦ ਦੀ ਕੰਪਨੀ ਨੇ ਪੇਸ਼ ਕੀਤੇ ਵੱਖ-ਵੱਖ ਨਮੂਨੇ



ਅੰਮ੍ਰਿਤਸਰ, 22 ਮਈ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਦੇ ਸਾਹਮਣੇ ਸਥਿਤ ਪਾਰਕਾਂ ਨੂੰ ਖ਼ੂਬਸੂਰਤ ਦਿੱਖ ਦੇਣ ਲਈ ਅਹਿਮਦਾਬਾਦ ਦੀ ਇੱਕ ਲੈਂਡਸਕੇਪਿੰਗ ਕੰਪਨੀ ਵੱਲੋਂ ਪਾਰਕਾਂ ਲਈ ਤਿਆਰ ਕੀਤੇ ਵੱਖ-ਵੱਖ ਤਰ੍ਹਾਂ ਦੇ ਨਮੂਨੇ (ਡਿਜ਼ਾਈਨ) ਪੇਸ਼ ਕੀਤੇ ਗਏ। ਇਸ ਸਮੇਂ ਬਾਬਾ ਕਸ਼ਮੀਰ ਸਿੰਘ ਤੇ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਅਵਤਾਰ ਸਿੰਘ ਸੈਂਪਲਾ ਸਮੇਤ ਹੋਰ ਅਧਿਕਾਰੀ ਮੌਜੂਦ ਸਨ। ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਇਨ੍ਹਾਂ ਪਾਰਕਾਂ ਸਬੰਧੀ ਮਿਲੇ ਪ੍ਰਸਤਾਵ ਦੇਖਣ ਤੋਂ ਬਾਅਦ ਇਨ੍ਹਾਂ 'ਤੇ ਵਿਚਾਰ ਕੀਤੀ ਗਈ ਹੈ ਅਤੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦ੍ਰਿਸ਼ਟੀਗੋਚਰ ਕਰਨ ਤੋਂ ਬਾਅਦ ਅੰਤਮ ਫੈਸਲੇ ਲਈ ਅੰਤ੍ਰਿੰਗ ਕਮੇਟੀ ਵਿਚ ਪੇਸ਼ ਕੀਤੇ ਜਾਣਗੇ।

ਇਸ ਮੌਕੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਚਾਨਣ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਮਨਜਿੰਦਰ ਸਿੰਘ ਮੰਡ ਮੈਨੇਜਰ, ਸ. ਮੁਖਤਾਰ ਸਿੰਘ ਮੈਨੇਜਰ ਸਰਾਵਾਂ, ਸ. ਸੁਖਰਾਜ ਸਿੰਘ ਵਧੀਕ ਮੈਨੇਜਰ, ਸ. ਸੁਖਜਿੰਦਰ ਸਿੰਘ ਐਸ.ਡੀ.ਓ., ਸ. ਰਾਮ ਸਿੰਘ ਭਿੰਡਰ ਸਾਬਕਾ ਮੀਤ ਸਕੱਤਰ ਸਮੇਤ ਹੋਰ ਹਾਜ਼ਰ ਸਨ।

## ਆਰ.ਐਸ.ਐਸ. ਹਰਕਤਾਂ ਤੋਂ ਬਾਜ਼ ਆਵੇ -ਭਾਈ ਲੌਂਗੋਵਾਲ

### ਭਾਈ ਲੌਂਗੋਵਾਲ ਨੇ ਭਾਰਤ ਤੇ ਮਹਾਰਾਸ਼ਟਰ ਸਰਕਾਰ ਨੂੰ ਪੱਤਰ ਲਿਖ ਕੇ ਕਾਰਵਾਈ ਮੰਗੀ

ਅੰਮ੍ਰਿਤਸਰ, 15 ਮਈ- ਆਰ.ਐਸ.ਐਸ. ਦੇ ਮੁੱਖ ਕੇਂਦਰ ਨਾਗਪੁਰ ਵਿਖੇ ਸ੍ਰੀ ਭਾਰਤੀ ਪ੍ਰਕਾਸ਼ਨ ਵੱਲੋਂ ਛਾਪੀਆਂ ਕਿਤਾਬਾਂ ਵਿਚ ਸਿੱਖ ਗੁਰੂ ਸਾਹਿਬਾਨ ਨੂੰ ਹਿੰਦੂ ਦਰਸਾਉਣ ਸਮੇਤ ਇਤਿਹਾਸਕ ਤੱਥਾਂ ਨੂੰ ਵਿਗਾੜਨ ਦੇ ਕੋਝੇ ਯਤਨ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਖ਼ਤ ਨੋਟਿਸ ਲੈਂਦਿਆਂ ਇਸ ਦੇ ਦੋਸ਼ੀਆਂ ਖਿਲਾਫ਼ ਭਾਰਤ ਤੇ ਮਹਾਰਾਸ਼ਟਰ ਸਰਕਾਰ ਪਾਸੋਂ ਕਾਰਵਾਈ ਦੀ ਮੰਗ ਕੀਤੀ ਹੈ।

ਸ਼੍ਰੋਮਣੀ ਕਮੇਟੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਆਰ.ਐਸ.ਐਸ. ਦੀ ਘਿਨੌਣੀ ਹਰਕਤ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਅਤੇ ਇਸ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਵੱਲੋਂ ਭਾਰਤ ਦੇ ਮਨੁੱਖੀ ਸਰੋਤ ਵਿਕਾਸ ਮੰਤਰੀ ਸ੍ਰੀ ਪ੍ਰਕਾਸ਼ ਜਾਵੜੇਕਰ ਅਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਨੂੰ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਲਈ ਪੱਤਰ ਲਿਖਿਆ ਗਿਆ ਹੈ। ਉਨ੍ਹਾਂ ਆਰ.ਐਸ.ਐਸ. ਅਤੇ ਕਿਤਾਬਾਂ ਦੇ ਪ੍ਰਕਾਸ਼ਕ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਹ ਵਿਵਾਦਤ ਕਿਤਾਬਾਂ ਨੂੰ ਤੁਰੰਤ ਵਾਪਸ ਲੈਣ ਅਤੇ ਸਿੱਖ ਜਗਤ ਤੋਂ ਮੁਆਫ਼ੀ ਵੀ ਮੰਗਣ। ਉਨ੍ਹਾਂ ਆਰ.ਐਸ.ਐਸ. ਨੂੰ ਨਸੀਹਤ ਦਿੱਤੀ ਕਿ ਉਹ ਅਜਿਹੀਆਂ ਸਿੱਖ ਵਿਰੋਧੀ ਹਰਕਤਾਂ ਤੋਂ ਬਾਜ਼ ਆਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਆਰ.ਐਸ.ਐਸ. ਨੂੰ ਇਹ ਹਰਗਿਜ ਨਹੀਂ ਭੁਲਣਾ ਚਾਹੀਦਾ ਕਿ ਸਿੱਖ ਇਕ ਵੱਖਰੀ ਕੌਮ ਹੈ, ਇਸ ਦਾ ਇਤਿਹਾਸ ਨਿਰਾਲਾ ਅਤੇ ਵਿਲੱਖਣ ਹੈ, ਇਸ ਦੀ ਮਰਯਾਦਾ ਅਤੇ ਰੀਤੀ-ਰਿਵਾਜ਼ ਮੌਲਿਕ ਹਨ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਵਰਤਮਾਨ ਸਥਿਤੀ ਤਕ ਪਹੁੰਚਾਉਣ ਵਾਲੇ ਸਿੱਖ ਹੀ ਹਨ, ਜੋ ਦੇਸ਼ ਦੀ ਰਾਖੀ ਕਰਨ ਲਈ ਕੁਰਬਾਨੀਆਂ ਦੇਣ ਤੋਂ ਕਦੇ ਪਿਛੇ ਨਹੀਂ ਹਟੇ।

ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖ ਕੌਮ ਹਰ ਧਰਮ ਦਾ ਸਤਿਕਾਰ ਕਰਦੀ ਹੈ, ਪਰ ਇਸ ਦਾ ਮਤਲਬ ਇਹ ਵੀ ਨਹੀਂ ਕਿ ਕੋਈ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਅਤੇ ਪ੍ਰੰਪਰਾਵਾਂ ਨੂੰ ਰਲਗਡ ਕਰਨ ਦਾ ਕੋਝਾ ਯਤਨ ਕਰੇ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਨੂੰ ਵਿਗਾੜਨ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ, ਭਾਵੇਂ ਉਹ ਆਰ.ਐਸ.ਐਸ. ਹੋਵੇ ਜਾਂ ਕੋਈ ਹੋਰ। ਉਨ੍ਹਾਂ ਸਪੱਸ਼ਟ ਕੀਤਾ ਕਿ ਆਰ.ਐਸ.ਐਸ. ਵੱਲੋਂ ਸਿੱਖ ਇਤਿਹਾਸ ਵਿਗਾੜਨ ਦੀ ਹਰਕਤ ਵਿਰੁੱਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੁੱਪ ਨਹੀਂ ਬੈਠੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਕਿਹਾ ਕਿ ਸਿੱਖ ਇਤਿਹਾਸ ਦੀਆਂ ਕਿਤਾਬਾਂ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਬਹੁਤ ਜਲਦ ਇਕ ਉੱਚ ਪੱਧਰੀ ਕਮੇਟੀ ਬਣਾਈ ਜਾਵੇਗੀ, ਜਿਸ ਵਿਚ ਸਿੱਖ ਵਿਦਵਾਨ, ਸਿੱਖਿਆ ਸ਼ਾਸਤਰੀ ਅਤੇ ਕਾਨੂੰਨਦਾਨ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲੇ ਸਾਹਮਣੇ ਆਉਣ 'ਤੇ ਇਹ ਕਮੇਟੀ ਜਿਥੇ ਇਤਿਹਾਸਕ ਤੱਥਾਂ ਨੂੰ ਵਾਚਿਆ ਕਰੇਗੀ, ਉਥੇ ਹੀ ਇਸ ਕਮੇਟੀ 'ਚ ਸ਼ਾਮਲ ਕਾਨੂੰਨੀ ਮਾਹਰ ਕਾਨੂੰਨੀ ਪ੍ਰਕਿਰਿਆ ਸਬੰਧੀ ਵੀ ਆਪਣੀ ਰਾਏ ਦੇਣਗੇ।

## ਸ਼੍ਰੋਮਣੀ ਕਮੇਟੀ ਦੀ ਸੇਵਾ ਮੁਕਤ ਕਰਮਚਾਰੀ ਐਸੋਸੀਏਸ਼ਨ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਨਮਾਨਿਤ



ਅੰਮ੍ਰਿਤਸਰ, 24 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸੇਵਾ ਮੁਕਤ ਹੋਏ ਮੁਲਾਜ਼ਮਾਂ ਵੱਲੋਂ ਬਣਾਈ ਗਈ 'ਸੇਵਾ ਮੁਕਤ ਕਰਮਚਾਰੀ ਵੈਲਫੇਅਰ ਐਸੋਸੀਏਸ਼ਨ' ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਉਨ੍ਹਾਂ ਦੀਆਂ ਪੰਥਕ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਸ. ਜੋਗਿੰਦਰ ਸਿੰਘ ਅਦਲੀਵਾਲ ਨੇ ਐਸੋਸੀਏਸ਼ਨ ਦੀ ਸਥਾਪਨਾ ਅਤੇ ਇਸ ਦੇ ਮਕਸਦ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਜਾਣੂ ਕਰਵਾਇਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਸ. ਸਤਬੀਰ ਸਿੰਘ ਧਾਮੀ ਨੇ ਐਸੋਸੀਏਸ਼ਨ ਦੀ ਮੈਂਬਰਾਂ ਦੀ ਜਾਣ-ਪਛਾਣ ਕਰਵਾਈ। ਇਸ ਦੌਰਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵਿਚ ਸੇਵਾ ਕਰ ਚੁੱਕੇ ਮੁਲਾਜ਼ਮਾਂ ਕੋਲ ਸੰਸਥਾ ਦੇ ਕਾਰਜਾਂ ਸਬੰਧੀ ਵਿਸ਼ਾਲ ਤਜ਼ਰਬਾ ਹੈ, ਜਿਸ ਦਾ ਸ਼੍ਰੋਮਣੀ ਕਮੇਟੀ ਦੇ ਸੰਚਾਰੂ ਪ੍ਰਬੰਧਾਂ ਅਤੇ ਧਰਮ ਪ੍ਰਚਾਰ ਸਬੰਧੀ ਲਾਭ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸੇਵਾ ਮੁਕਤ ਕਰਮਚਾਰੀ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕਾਰਜ ਇਕ ਚੰਗਾ ਉੱਦਮ ਹੈ। ਉਨ੍ਹਾਂ ਐਸੋਸੀਏਸ਼ਨ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਰਾਮ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ, ਸ. ਕੁਲਵਿੰਦਰ ਸਿੰਘ ਰਮਦਾਸ, ਐਸੋਸੀਏਸ਼ਨ ਦੇ ਪ੍ਰਧਾਨ ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਸਤਬੀਰ ਸਿੰਘ ਧਾਮੀ, ਸ. ਕੁਲਵੰਤ ਸਿੰਘ ਰੰਧਾਵਾ, ਸ. ਪ੍ਰੀਤਮ ਸਿੰਘ ਪੁਰੀ, ਸ. ਰਣਜੀਤ ਸਿੰਘ, ਸ. ਬਲਬੀਰ ਸਿੰਘ, ਸ. ਦਿਲਬਾਗ ਸਿੰਘ, ਸ. ਪ੍ਰਮਿੰਦਰ ਸਿੰਘ ਡੰਡੀ, ਸ. ਕੁਲਦੀਪ ਸਿੰਘ ਬਾਵਾ, ਸ. ਹਰਿੰਦਰਪਾਲ ਸਿੰਘ, ਸ. ਓਂਕਾਰ ਸਿੰਘ, ਸ. ਗੁਰਬਚਨ ਸਿੰਘ, ਭਾਈ ਜਸਵੰਤ ਸਿੰਘ ਰਾਗੀ, ਸ. ਜਤਿੰਦਰ ਸਿੰਘ, ਸ. ਗੁਰਦਿੱਤ ਸਿੰਘ, ਸ. ਇੰਦਰਮੋਹਨ ਸਿੰਘ ਅਨਜਾਣ, ਸ. ਟਹਿਲ ਸਿੰਘ, ਸ. ਪਰਮਜੀਤ ਸਿੰਘ, ਸ. ਅਜੀਤ ਸਿੰਘ, ਬਾਬਾ ਕਿਰਪਾਲ ਸਿੰਘ, ਸ. ਗੁਰਮੁੱਖ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

## ਸਿੱਖ ਇਤਿਹਾਸ ਦੀ ਮੌਲਿਕਤਾ ਨੂੰ ਵਿਗਾੜਨ ਵਾਲੇ ਲੋਕਾਂ ਤੋਂ ਕੌਮ ਨੂੰ ਸੁਚੇਤ ਹੋਣ ਦੀ ਲੋੜ -ਭਾਈ ਲੌਂਗੋਵਾਲ

### ਸਿੱਖ ਸਰੋਤ ਇਤਿਹਾਸਿਕ ਗ੍ਰੰਥ ਸੰਪਾਦਨਾ ਪ੍ਰੋਜੈਕਟ ਵੱਲੋਂ ਤਿਆਰ ਪੁਸਤਕਾਂ ਕੀਤੀਆਂ ਜਾਰੀ



ਚੰਡੀਗੜ੍ਹ, 23 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਥਾਨਕ ਗੁਰਦੁਆਰਾ ਕਲਗੀਧਰ ਨਿਵਾਸ ਵਿਖੇ 'ਸਿੱਖ ਸਰੋਤ ਇਤਿਹਾਸਕ ਗ੍ਰੰਥ ਸੰਪਾਦਨਾ ਪ੍ਰੋਜੈਕਟ' ਵੱਲੋਂ ਕਰਵਾਏ ਗਏ ਸੈਮੀਨਰ ਅਤੇ ਪੁਸਤਕ ਰਿਲੀਜ਼ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਇਤਿਹਾਸ ਕਿਸੇ ਵੀ ਕੌਮ ਸਰਮਾਇਆ ਹੁੰਦਾ ਹੈ, ਜਿਸ ਤੋਂ ਸੇਧ ਪ੍ਰਾਪਤ ਕਰਕੇ ਕੌਮ ਦੀਆਂ ਪੀੜ੍ਹੀਆਂ ਆਪਣੇ ਵਿਰਸੇ ਪ੍ਰਤੀ ਜਾਗਰੂਕ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਬਹੁਤ ਸਾਰੀਆਂ ਸ਼ਕਤੀਆਂ ਸਿੱਖ ਇਤਿਹਾਸ ਦੀ ਮੌਲਿਕਤਾ ਨੂੰ ਵਿਗਾੜਨ ਦਾ ਯਤਨ ਕਰ ਰਹੀਆਂ ਹਨ, ਜਿਸ ਤੋਂ ਕੌਮ ਨੂੰ ਸੁਚੇਤ ਹੋਣ ਦੀ ਲੋੜ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਵਿਦਵਾਨਾਂ ਨੂੰ ਅਪੀਲ ਕੀਤੀ ਕਿ ਸਿੱਖ ਇਤਿਹਾਸ ਨੂੰ ਵਿਗਾੜਨ ਵਾਲਿਆਂ ਨੂੰ ਆਪਣੀਆਂ ਲਿਖਤਾਂ ਰਾਹੀਂ ਜਵਾਬ ਦੇਣ। ਉਨ੍ਹਾਂ ਡਾ. ਕਿਰਪਾਲ ਸਿੰਘ ਦੀ ਨਿਰਦੇਸ਼ਨਾਂ ਹੇਠ ਚੱਲ ਰਹੇ 'ਸਿੱਖ ਸਰੋਤ ਇਤਿਹਾਸਕ ਗ੍ਰੰਥ ਸੰਪਾਦਨਾ ਪ੍ਰੋਜੈਕਟ' ਵੱਲੋਂ ਕੀਤੇ ਗਏ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਪ੍ਰੋਜੈਕਟ ਵੱਲੋਂ ਤਿਆਰ ਕੀਤੀਆਂ ਪੁਸਤਕਾਂ ਨੂੰ ਖੋਜਾਰਥੀਆਂ ਲਈ ਲਾਹੇਵੰਦਾ ਦੱਸਿਆ।

ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਤੇ ਮੁਖੀ ਡਾ. ਬਲਵੰਤ ਸਿੰਘ ਢਿੱਲੋਂ ਨੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ-ਜੀਵਨ ਤੇ ਸ਼ਹਾਦਤ' ਵਿਸ਼ੇ 'ਤੇ ਪਰਚਾ ਪੜ੍ਹਦਿਆਂ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਨੂੰ ਲਾਸਾਨੀ ਦੱਸਿਆ ਅਤੇ ਉਸ ਸਮੇਂ ਦੇ ਰਾਜਸੀ, ਧਾਰਮਿਕ ਅਤੇ ਸਮਾਜਿਕ ਹਲਾਤਾਂ 'ਤੇ ਵੀ ਚਾਨਣਾ ਪਾਇਆ। ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਵਿਚਾਰ ਪ੍ਰਗਟ ਕੀਤੇ। ਇਸ ਤੋਂ ਪਹਿਲਾਂ ਪ੍ਰੋਜੈਕਟ ਨਿਰਦੇਸ਼ਕ ਡਾ. ਕਿਰਪਾਲ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਆਈਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜੀ-ਆਇਆਂ ਕਿਹਾ ਅਤੇ ਪ੍ਰੋਜੈਕਟ ਰਾਹੀਂ ਕੀਤੇ ਗਏ ਕੰਮਾਂ ਦੀ ਵਿਸਥਾਰ ਵਿਚ ਜਾਣਕਾਰੀ ਦਿੱਤੀ। ਸਕਾਲਰ ਸ. ਸੁਖਮਿੰਦਰ ਸਿੰਘ ਗੱਜਣਵਾਲਾ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਸਮੇਤ ਆਈਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦੀ ਜ਼ੁੰਮੇਵਾਰੀ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸੀਟਿਊਟ ਬਹਾਦਰਗੜ੍ਹ ਪਟਿਆਲਾ ਦੇ ਡਾਇਰੈਕਟਰ ਡਾ. ਚਮਕੌਰ ਸਿੰਘ ਨੇ ਨਿਭਾਈ।

ਇਸ ਦੌਰਾਨ ਭਾਈ ਸੰਤੋਖ ਸਿੰਘ ਰਚਿਤ ਸ੍ਰੀ ਗੁਰਪ੍ਰਤਾਪ ਸੂਰਜ ਗ੍ਰੰਥ 'ਤੇ ਅਧਾਰਿਤ ਨੌਵੇਂ ਪਾਤਸ਼ਾਹ ਜੀ ਦੇ ਇਤਿਹਾਸ ਨਾਲ ਸਬੰਧਤ ਦੋ ਸੰਪਾਦਤ ਪੁਸਤਕਾਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹੋਰਾਂ ਨੇ ਸਾਂਝੇ ਰੂਪ ਵਿਚ ਜਾਰੀ ਕੀਤੀਆਂ। ਇਸ ਮੌਕੇ ਸਿੱਖ ਵਿਦਵਾਨ ਭਾਈ ਅਸ਼ੋਕ ਸਿੰਘ ਬਾਗੜੀਆਂ, ਸ. ਗੁਰਦੇਵ ਸਿੰਘ ਆਈ.ਏ.ਐਸ., ਸ਼੍ਰੋਮਣੀ ਕਮੇਟੀ ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ, ਡਾ. ਪਰਮਜੀਤ ਸਿੰਘ ਸਰੋਆ, ਡਾ. ਗੁਰਵੀਰ ਸਿੰਘ, ਡਾ. ਚਮਕੌਰ ਸਿੰਘ, ਸ. ਸ਼ਾਮ ਸਿੰਘ, ਸ. ਖੁਸ਼ਹਾਲ ਸਿੰਘ, ਸ. ਮਹਿੰਦਰ ਸਿੰਘ, ਸ. ਕੁਲਵੰਤ ਸਿੰਘ, ਸ. ਗੁਰਚਰਨ ਸਿੰਘ, ਡਾ. ਪਰਮਵੀਰ ਸਿੰਘ ਸੰਪਾਦਕ ਗੁਰਬਾਣੀ ਚਾਨਣ, ਡਾ. ਰਾਜਿੰਦਰ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ, ਸ. ਗੁਰਬਚਨ ਸਿੰਘ ਮਾਵੀ, ਬੀਬੀ ਸਤਿੰਦਰ ਕੌਰ, ਪ੍ਰੋ. ਹਰਪਾਲ ਸਿੰਘ ਬੰਗਾ, ਸ. ਸੁਖਮਿੰਦਰ ਸਿੰਘ ਗੱਜਣਵਾਲਾ ਆਦਿ ਮੌਜੂਦ ਸਨ।

## ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਕਾਦੀਆਂ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 149 ਪ੍ਰਾਣੀ ਗੁਰੂ ਵਾਲੇ ਬਣੇ



ਕਾਦੀਆਂ 29 ਮਈ -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਅਧੀਨ ਪੈਂਦੇ ਕਸਬਾ ਕਾਦੀਆਂ ਵਿਖੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਦੇ ਵਿਸ਼ੇਸ਼ ਯਤਨਾਂ ਨਾਲ ਗੁਰਦੁਆਰਾ ਸ੍ਰੀ ਤੇਗ ਬਹਾਦਰ ਸਾਹਿਬ ਰੇਲਵੇ ਰੋਡ ਕਾਦੀਆਂ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਵਿਚ 149 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਸ੍ਰੀ ਅਕਾਲ ਤਖਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਖੰਡੇ ਦਾ ਬਾਟਾ ਤਿਆਰ ਕੀਤਾ। ਅੰਮ੍ਰਿਤ ਅਭਿਲਾਖੀਆਂ ਨੂੰ ਕੱਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਜਥੇ. ਗੋਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਤਿਗੁਰਾਂ ਵੱਲੋਂ ਬਖਸ਼ਿਸ਼ ਕੀਤੀ ਹੋਈ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਅਸੀਂ ਖਾਲਸਾ ਪੰਥ ਵਿਚ ਸ਼ਾਮਲ ਹੁੰਦੇ ਹਾਂ। ਉਨ੍ਹਾਂ ਅੱਜ ਦੇ ਸਮਾਗਮ ਵਿਚ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਦਿਆਂ ਅਸੀਂ ਗੁਰੂ ਦੀਆਂ ਖੁਸ਼ੀਆਂ ਦੇ ਪਾਤਰ ਬਣ ਸਕਦੇ ਹਾਂ। ਇਸ ਮੌਕੇ ਜਥੇ. ਗੋਰਾ ਨੇ ਪੰਜ ਪਿਆਰੇ ਸਾਹਿਬਾਨ ਅਤੇ ਪ੍ਰਚਾਰਕ ਸਿੰਘਾਂ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ. ਗੁਰਤਿੰਦਰਪਾਲ ਸਿੰਘ ਭਾਟੀਆ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ, ਸ. ਹਰਜਿੰਦਰ ਸਿੰਘ, ਸ. ਰਜਿੰਦਰ ਸਿੰਘ ਮੈਨੇਜਰ, ਸ. ਤਰਸੇਮ ਸਿੰਘ ਪ੍ਰਧਾਨ ਗੁਰਦੁਆਰਾ ਗੁਰੂ ਤੇਗ ਬਹਾਦਰ, ਭਾਈ ਚਰਨਜੀਤ ਸਿੰਘ ਤੇ ਭਾਈ ਗੁਰਖੇਲ ਸਿੰਘ ਗ੍ਰੰਥੀ, ਭਾਈ ਮਹਿਤਾਬ ਸਿੰਘ ਕਵੀਸ਼ਰ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਹਾਕੀ ਅਕੈਡਮੀਆਂ ਲਈ ਖਿਡਾਰੀਆਂ ਦੀ ਚੋਣ ਵਾਸਤੇ ਲਏ ਗਏ ਟਰਾਇਲ 450 ਖਿਡਾਰੀਆਂ ਨੇ ਕੀਤੀ ਸ਼ਮੂਲੀਅਤ



ਅੰਮ੍ਰਿਤਸਰ, 9 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਹਾਕੀ ਅਕੈਡਮੀਆਂ ਵਿਚ ਖਿਡਾਰੀਆਂ ਦੀ ਚੋਣ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵਿਖੇ 9 ਮਈ ਤੋਂ 11 ਮਈ ਤੱਕ ਟਰਾਇਲ ਗਏ। ਵਿਚ ਵਿਚ ਪੰਜਾਬ ਭਰ 'ਚੋਂ 450 ਖਿਡਾਰੀਆਂ ਨੇ ਹਿੱਸਾ ਲਿਆ। ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸਪੋਰਟਸ ਸ. ਕੇਵਲ ਸਿੰਘ ਗਿੱਲ ਅਤੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਨੌਜੁਆਨੀ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਾਬਤ ਸੂਰਤ ਹਾਕੀ ਖਿਡਾਰੀ ਤਿਆਰ ਕਰਨ ਲਈ ਅੰਡਰ-14, ਅੰਡਰ-17 ਤੇ ਅੰਡਰ-19 ਤਿੰਨ ਹਾਕੀ ਅਕੈਡਮੀਆਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਅੰਡਰ-14 ਲਈ ਫਰੀਦਕੋਟ ਵਿਖੇ ਜਦਕਿ ਅੰਡਰ-17 ਅਤੇ ਅੰਡਰ-19 ਲਈ ਬਾਬਾ ਬਕਾਲਾ ਵਿਖੇ ਹਾਕੀ ਅਕੈਡਮੀਆਂ ਸਥਾਪਤ ਕੀਤੀਆਂ ਗਈਆਂ ਹਨ, ਜਿਨ੍ਹਾਂ ਲਈ ਹਰ ਸਾਲ ਸਾਬਤ ਸੂਰਤ ਸਿੱਖ ਖਿਡਾਰੀਆਂ ਦੀ ਚੋਣ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਵੱਡੀ ਗਿਣਤੀ ਵਿਚ ਖਿਡਾਰੀਆਂ ਨੇ ਆਪਣੇ ਨਾਮ ਦਰਜ਼ ਕਰਵਾਏ ਹਨ। ਇਨ੍ਹਾਂ ਟ੍ਰਾਇਲਾਂ ਦੌਰਾਨ ਯੋਗ ਖਿਡਾਰੀਆਂ ਦੀ ਚੋਣ ਕੀਤੀ ਗਈ। ਉਨ੍ਹਾਂ ਇਹ ਵੀ ਦੱਸਿਆ ਕਿ ਚੋਣ ਕਰਨ ਲਈ ਸ. ਗੁਰਬਾਜ਼ ਸਿੰਘ ਉਲੰਪੀਅਨ ਡੀ.ਐਸ.ਪੀ., ਸ. ਗੁਰਵਿੰਦਰ ਸਿੰਘ ਸੰਘਾ ਅੰਤਰਰਾਸ਼ਟਰੀ ਹਾਕੀ ਅੰਪਾਇਰ, ਸ. ਹਰਬੰਸ ਸਿੰਘ ਅੰਤਰਾਸ਼ਟਰੀ ਅੰਪਾਇਰ, ਸ. ਗੁਰਮੀਤ ਸਿੰਘ ਆਫੀਸ਼ੀਅਲ ਹਾਕੀ ਇੰਡੀਆ, ਸ. ਗੁਣਦੀਪ ਸਿੰਘ ਉਲੰਪੀਅਨ ਅਤੇ ਸ. ਸੁਖਦੇਵ ਸਿੰਘ ਡਾਇਰੈਕਟਰ ਸਪੋਰਟਸ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਸੇਵਾਵਾਂ ਨਿਭਾਈਆਂ। ਉਨ੍ਹਾਂ ਜਾਣਕਾਰੀ ਦਿੱਤੀ ਕਿ ਚੁਣੇ ਗਏ ਖਿਡਾਰਿਆਂ ਨੂੰ ਰਿਹਾਇਸ਼, ਖਾਣਾ, ਪੜ੍ਹਾਈ, ਟਰੇਨਿੰਗ, ਸਪੋਰਟਸ ਕਿੱਟਾਂ ਆਦਿ ਸਮਾਨ ਮੁਫ਼ਤ ਦਿੱਤਾ ਜਾਵੇਗਾ। ਇਸ ਮੌਕੇ ਮੀਤ ਸਕੱਤਰ ਸਪੋਰਟਸ ਸ. ਤੇਜਿੰਦਰ ਸਿੰਘ ਪੱਡਾ, ਸ. ਬਲਦੇਵ ਸਿੰਘ ਸੀਨੀਅਰ ਹਾਕੀ ਕੋਚ, ਸ. ਪ੍ਰੇਮ ਸਿੰਘ, ਸ. ਭੁਪਿੰਦਰ ਸਿੰਘ, ਸ. ਪ੍ਰਕਾਸ਼ ਸਿੰਘ ਅਤੇ ਅਵਤਾਰ ਸਿੰਘ ਹਾਕੀ ਕੋਚ ਸਮੇਤ ਹੋਰ ਮੌਜੂਦ ਸਨ।